ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 28 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੧੪ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਆਪ ਦੇ ਤਰਨਤਾਰਨ ਤੋਂ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦਾ ਹੋਇਆ ਦਿਹਾਂਤ

**ਚੰਡੀਗੜ੍ਹ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਤਰਨਤਾਰਨ ਤੋਂ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦਾ ਦਿਹਾਂਤ ਹੋ ਗਿਆ ਹੈ ਜਿਸ ਤੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਦੇਣ। ਪਰਿਵਾਰ ਸਮੇਤ ਚਾਹੁਣ ਵਾਲਿਆਂ ਨੂੰ ਭਾਣਾ ਮੰਨਣ ਦਾ ਹੌਸਲਾ-ਹਿੰਮਤ ਬਖ਼ਸ਼ਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਤਰਨਤਾਰਨ ਤੋਂ ਸਾਡੀ ਪਾਰਟੀ ਦੇ ਸਤਿਕਾਰਯੋਗ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਜੀ ਦੇ ਅਕਾਲ ਚਲਾਣੇ ਦੀ ਦੁਖਦਾਈ ਖ਼ਬਰ ਮਿਲੀ। ਸੁਣ ਕੇ ਬੇਹੱਦ ਦੁੱਖ ਲੱਗਿਆ, ਡਾਕਟਰ ਸਾਬ੍ਹ ਪਾਰਟੀ ਦੇ ਬਹੁਤ ਹੀ ਮਿਹਨਤੀ ਤੇ ਜੁਝਾਰੂ ਆਗੂ ਸਨ। ਇਸ ਦੁੱਖ ਦੀ ਘੜੀ 'ਚ ਪਰਿਵਾਰ ਨਾਲ ਦਿਲੋਂ ਹਮਦਰਦੀ। ਪਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਦੇਣ। ਪਰਿਵਾਰ ਸਮੇਤ ਚਾਹੁਣ ਵਾਲਿਆਂ ਨੂੰ ਭਾਣਾ ਮੰਨਣ ਦਾ ਹੌਸਲਾ-ਹਿੰਮਤ ਬਖ਼ਸ਼ਣ।



### ਤਾੜ-ਤਾੜ ਵਰ੍ਹਾਈਆਂ ਗੋਲੀਆਂ, ਇਕ ਕਰੀਬੀ ਦੀ ਵੀ ਮੌਤ, ਇਲਾਕੇ 'ਚ ਦਹਿਸ਼ਤ

# ਗੈਂਗਸਟਰ ਜੱਗੂ ਭਗਵਾਨਪੁਰੀਆ ਦੀ ਮਾਂ ਦਾ ਸ਼ਰੇਆਮ ਕਤਲ

**ਬਟਾਲਾ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਗੁਰਦਾਸਪੁਰ 'ਚ ਵੀਰਵਾਰ ਦੀ ਰਾਤ ਬਦਨਾਮ ਗੈਂਗਸਟਰ ਜੱਗੂ ਭਗਵਾਨਪੁਰੀਆ ਦੀ ਮਾਂ ਹਰਜੀਤ ਕੌਰ ਅਤੇ ਉਸਦੇ ਕਰੀਬੀ ਕਰਣਵੀਰ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਹਰਜੀਤ ਕੌਰ ਕਾਰ 'ਚ ਕਿਤੇ ਜਾ ਰਹੀ ਸਨ, ਜਦੋਂ ਬਾਈਕ 'ਤੇ ਸਵਾਰ ਹਮਲਾਵਰਾਂ ਨੇ ਉਨ੍ਹਾਂ ਦੀ ਗੱਡੀ 'ਤੇ ਤਾੜ-ਤਾੜ ਗੋਲੀਆਂ ਚਲਾ ਦਿੱਤੀਆਂ। ਸ਼ੁਰੂਆਤੀ ਜਾਂਚ 'ਚ ਪਤਾ ਲੱਗਾ ਕਿ ਹਮਲਾ ਕਰਣਵੀਰ ਨੂੰ ਨਿਸ਼ਾਨਾ ਬਣਾਕੇ ਕੀਤਾ ਗਿਆ ਸੀ। ਕਰਣਵੀਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਕੁਝ ਗੋਲੀਆਂ ਜੱਗੂ ਦੀ ਮਾਂ ਨੂੰ ਵੀ ਲੱਗੀਆਂ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਪਰ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤ ਘੋਸ਼ਿਤ ਕਰ ਦਿੱਤਾ। ਘਟਨਾ ਤੋਂ ਬਾਅਦ ਹਮਲਾਵਰ ਫਰਾਰ ਹੋ ਗਏ। ਪੁਲਿਸ ਨੇ ਇਲਾਕਾ ਘੇਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਦੋਸ਼ੀਆਂ ਦੀ ਭਾਲ ਜਾਰੀ ਹੈ। ਇਸ ਪੂਰੇ ਹਮਲੇ ਦੀ ਜ਼ਿੰਮੇਵਾਰੀ ਬੰਬੀਹਾ ਗੈਂਗ ਨੇ ਲੈ ਲਈ ਹੈ। ਹਰਿਆਣਾ ਦੇ 2 ਬਦਮਾਸ਼ ਗੈਂਗਸਟਰਾਂ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਹਮਲੇ ਦਾ ਦਾਅਵਾ ਕੀਤਾ ਹੈ। ਪੁਲਿਸ ਇਸ ਘਟਨਾ ਨੂੰ ਆਪਸੀ ਗੈਂਗਵਾਰ ਨਾਲ ਜੋੜ ਕੇ ਵੇਖ ਰਹੀ ਹੈ, ਕਿਉਂਕਿ ਜੱਗੂ ਭਗਵਾਨਪੁਰੀਆ ਪੰਜਾਬ ਵਿੱਚ ਲੰਬੇ ਸਮੇਂ ਤੋਂ ਅਪਰਾਧੀ ਦੁਨੀਆ ਵਿੱਚ ਸਰਗਰਮ ਰਿਹਾ ਹੈ। ਉਸਦਾ ਕਈ ਵਾਰੀ ਵਿਰੋਧੀ ਗੈਂਗਾਂ ਨਾਲ ਟਕਰਾਅ ਵੀ ਹੋਇਆ ਹੈ। ਬੰਬੀਹਾ ਗੈਂਗ ਨਾਲ ਸਬੰਧਤ ਹਰਿਆਣਾ ਦੇ 2 ਬਦਨਾਮ ਗੈਂਗਸਟਰ ਪ੍ਰਭੂ ਦਾਸੂਵਾਲ ਅਤੇ ਕੌਸ਼ਲ ਚੌਧਰੀ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਗੁਰਦਾਸਪੁਰ ਦਾ ਰਹਿਣ ਵਾਲਾ ਜਗਦੀਪ ਸਿੰਘ ਉਰਫ਼ ਜੱਗੂ ਭਗਵਾਨਪੁਰੀਆ ਪੰਜਾਬ ਦੇ ਸਭ ਤੋਂ ਖਤਰਨਾਕ ਅਤੇ ਬਦਨਾਮ ਗੈਂਗਸਟਰਾਂ ਦੀ ਸੂਚੀ ਵਿੱਚ ਸ਼ਾਮਲ ਹੈ। ਉਸ ਖ਼ਿਲਾਫ ਕਤਲ, ਫਿਰੌਤੀ, ਨਸ਼ੇ ਅਤੇ ਹਥਿਆਰਾਂ ਦੀ ਤਸਕਰੀ ਅਤੇ ਗੈਂਗਵਾਰ ਨਾਲ ਜੁੜੇ ਹੁਣ ਤੱਕ 128 ਕੇਸ ਦਰਜ ਹਨ। ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਮਾਮਲੇ ਵਿੱਚ ਵੀ ਜੱਗੂ ਭਗਵਾਨਪੁਰੀਆ ਦਾ ਨਾਮ ਸਾਹਮਣੇ ਆਇਆ ਸੀ। ਮੌਜੂਦਾ ਸਮੇਂ ਵਿੱਚ ਉਹ ਅਸਮ ਦੀ ਸਿਲਚਰ ਜੇਲ੍ਹ ਵਿੱਚ ਬੰਦ ਹੈ। ਮਾਰਚ 2025 ਵਿੱਚ ਬਠਿੰਡਾ ਦੀ ਹਾਈ ਸਿਕਿਉਰਟੀ ਜੇਲ੍ਹ ਤੋਂ ਸਖ਼ਤ ਸੁਰੱਖਿਆ ਵਿਚਕਾਰ ਉਸ ਨੂੰ ਏਅਰਲਿਫਟ ਕਰਕੇ ਸਿਲਚਰ ਭੇਜਿਆ ਗਿਆ ਸੀ। ਪੁਲਿਸ ਦੀ ਜਾਂਚ 'ਚ ਇਹ ਵੀ ਸਾਹਮਣੇ ਆਇਆ ਸੀ ਕਿ ਜੱਗੂ ਭਗਵਾਨਪੁਰੀਆ ਦਾ ਨੈੱਟਵਰਕ ਅਮਰੀਕਾ ਕੈਨੇਡਾ ਅਤੇ ਪਾਕਿਸਤਾਨ ਤੱਕ ਵੀ ਫੈਲਿਆ ਹੋਇਆ ਹੈ।



## ਜਲੰਧਰ 'ਚ ਰੂਹ ਕੰਬਾਊ ਹਾਦਸਾ ! ਪਲਟ ਗਿਆ ਕੈਂਟਰ, ਡਰਾਈਵਰ ਦੀ ਦਰਦਨਾਕ ਮੌਤ

**ਜਲੰਧਰ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਜਲੰਧਰ 'ਚ ਇਕ ਭਿਆਨਕ ਸੜਕ ਹਾਦਸੇ 'ਚ ਕੈਂਟਰ ਚਾਲਕ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਹਰਜੀਤ ਸਿੰਘ ਪੁੱਤਰ ਜਗੀਰ ਸਿੰਘ ਵਜੋਂ ਹੋਈ ਹੈ, ਜੋਕਿ ਮੁਕੇਰੀਆਂ ਦੇ ਸਿੰਘਪੁਰਾ ਪਿੰਡ ਦਾ ਰਹਿਣ ਵਾਲਾ ਸੀ। ਪੁਲਸ ਨੇ ਉਸ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਜਲੰਧਰ ਭੇਜ ਦਿੱਤਾ ਹੈ। ਡਰਾਈਵਰ ਵਿਆਹਿਆ ਹੋਇਆ ਸੀ ਅਤੇ ਉਸ ਦੇ ਛੋਟੇ ਬੱਚੇ ਹਨ। ਘਟਨਾ ਦੀ ਜਾਂਚ ਕਰਨ ਲਈ ਭੋਗਪੁਰ ਥਾਣੇ ਦੀ ਪੁਲਸ ਮੌਕੇ 'ਤੇ ਪਹੁੰਚੀ। ਪਚਰੰਗਾ ਚੌਕੀ ਤੋਂ ਮਾਮਲੇ ਦੀ ਜਾਂਚ ਕਰ ਰਹੇ ਏ. ਐੱਸ. ਆਈ. ਲਖਵਿੰਦਰ ਸਿੰਘ ਨੇ ਦੱਸਿਆ ਕਿ ਇਹ ਹਾਦਸਾ ਸਵੇਰੇ 5:30 ਵਜੇ ਦੇ ਕਰੀਬ ਵਾਪਰਿਆ। ਕੈਂਟਰ ਚਾਲਕ ਹਰਜੀਤ ਦਸੂਹਾ ਵੱਲ ਜਾ ਰਿਹਾ ਸੀ। ਹਰਜੀਤ ਨੇ ਕੈਂਟਰ ਲੈ ਕੇ ਮਕੇਰੀਆਂ ਸਥਿਤ ਸੀਕੇ ਟ੍ਰੇਡਿੰਗ ਕੰਪਨੀ ਜਾਣਾ ਸੀ। ਉਹ ਜਲੰਧਰ ਤੋਂ ਜਾ ਰਿਹਾ ਸੀ। ਜਦੋਂ ਉਸ ਦਾ ਕੈਂਟਰ ਭੋਗਪੁਰ ਦੇ ਪਚਰੰਗਾ ਨੇੜੇ ਪਹੁੰਚਿਆ ਤਾਂ ਉਸ ਦਾ ਕੈਂਟਰ ਕਾਬੂ ਤੋਂ ਬਾਹਰ ਹੋ ਗਿਆ ਅਤੇ ਇਕ ਦਰੱਖ਼ਤ ਨਾਲ ਟਕਰਾ ਗਿਆ ਅਤੇ ਬਾਅਦ ਵਿਚ ਪਲਟ ਗਿਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਹਰਜੀਤ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਰਾਹਗੀਰਾਂ ਨੇ ਘਟਨਾ ਦੀ ਸੂਚਨਾ ਪੁਲਸ ਕੰਟਰੋਲ ਰੂਮ ਨੂੰ ਦਿੱਤੀ, ਜਿਸ ਤੋਂ ਬਾਅਦ ਸੜਕ ਸੁਰੱਖਿਆ ਬਲ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ। ਜਦੋਂ ਉਨ੍ਹਾਂ ਨੂੰ ਮੌਤ ਬਾਰੇ ਪਤਾ ਲੱਗਾ ਤਾਂ ਭੋਗਪੁਰ ਥਾਣੇ ਦੀ ਪਚਰੰਗਾ ਚੌਕੀ ਦੀ ਪੁਲਸ ਨੂੰ ਤੁਰੰਤ ਜਾਂਚ ਲਈ ਮੌਕੇ 'ਤੇ ਬੁਲਾਇਆ ਗਿਆ।



## ਪੰਜਾਬ ਵਾਸੀਆਂ ਲਈ ਖ਼ਤਰੇ ਦੀ ਘੰਟੀ ! ਰਾਵੀ ਦਰਿਆ 'ਚ ਵਧਿਆ ਪਾਣੀ ਦਾ ਪੱਧਰ, ਕਈ ਪਿੰਡਾਂ ਨਾਲ ਟੁੱਟਿਆ ਸੰਪਰਕ



**ਚੰਡੀਗੜ੍ਹ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਾਸੀਆਂ ਲਈ ਅਹਿਮ ਖ਼ਬਰ ਸਾਹਮਣੇ ਆਈ ਹੈ। ਦਰਅਸਲ ਦੀਨਾਨਗਰ ਅਧੀਨ ਆਉਂਦੇ ਮਕੌੜਾ ਪੱਤਣ ਦੇ ਰਾਵੀ ਦਰਿਆ 'ਚ ਪਾਣੀ ਦਾ ਪੱਧਰ ਵੱਧ ਗਿਆ ਹੈ। ਜਾਣਕਾਰੀ ਅਨੁਸਾਰ ਪਿਛਲੇ ਇਕ-ਦੋ ਦਿਨਾਂ ਤੋਂ ਲਗਾਤਾਰ ਹੋ ਰਹੀ ਪਹਾੜ੍ਹੀ ਇਲਾਕਿਆਂ ਵਿੱਚ ਬਾਰਿਸ਼ ਕਾਰਨ ਅੱਜ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਕਾਫ਼ੀ ਤੇਜ਼ ਹੋਣ ਕਾਰਨ ਨੇੜੇ ਵੱਸੇ ਪਿੰਡ ਤੂਰ, ਚੇਬੇ, ਭਰਿਆਲ, ਮੰਮੀ ਚਕਰੰਜਾ, ਲਸਿਆਣ ਆਦਿ ਪਿੰਡਾਂ ਦੇ ਲੋਕਾਂ ਦਾ ਆਉਣ-ਜਾਣ ਦਾ ਲਿੰਕ ਬਿਲਕੁਲ ਟੁੱਟ ਗਿਆ ਕਿਉਂਕਿ ਇਨ੍ਹਾਂ ਪਿੰਡਾਂ ਦੇ ਲੋਕਾਂ ਦੇ ਆਉਣ ਜਾਣ ਲਈ ਜੋ ਪਲੂਟਨ ਪੁਲ ਬਣਾਇਆ ਹੋਇਆ ਸੀ, ਪਿਛਲੇ ਕੁਝ ਦਿਨਾਂ ਤੋਂ ਪਲਟੂਨ ਪੁੱਲ ਚੁੱਕੇ ਜਾਣ ਮਗਰੋਂ ਸਿਰਫ਼ ਇਕ ਕਿਸ਼ਤੀ ਦਾ ਸਹਾਰਾ ਹੀ ਰਹਿ ਗਿਆ ਸੀ ਜੋ ਅੱਜ ਜਦ ਸਵੇਰ ਵੇਲੇ ਪਾਣੀ ਦਾ ਪੱਧਰ ਅਚਾਨਕ ਕਾਫ਼ੀ ਵੱਧਣ ਕਾਰਨ ਕਿਸ਼ਤੀ ਵੀ ਬੰਦ ਹੋ ਗਈ। ਇਸ ਕਾਰਨ ਆਉਣ-ਜਾਣ ਵਾਲੇ ਲੋਕਾਂ ਨੂੰ ਰਾਵੀ ਦਰਿਆ ਦੇ ਕੰਢੇ 'ਤੇ ਬੈਠ ਕੇ ਪਾਣੀ ਘੱਟਣ ਦੀ ਉਡੀਕ ਕੀਤੀ ਜਾ ਰਹੀ ਹੈ ਤਾਂ ਕਿ ਜਦ ਪਾਣੀ ਘਟੇਗਾ ਤਾਂ ਅਸੀਂ ਆਪਣੇ ਕੰਮਾਂਕਾਰਾਂ ਲਈ ਆਰਲੇ ਪਾਰਲੇ ਪਾਸੇ ਕਿਸ਼ਤੀ ਰਾਹੀਂ ਆ ਜਾ ਸਕੀਏ। ਉਧਰ ਇਸ ਸਬੰਧੀ ਜਦ ਵਿਭਾਗ ਦੇ ਮਲਾਹ ਨਛੱਤਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਜਦ ਵੀ ਪਾਣੀ ਦਾ ਪੱਧਰ ਘੱਟ ਹੁੰਦਾ ਹੈ ਤਾਂ ਕਿਸ਼ਤੀ ਆਮ ਦੀ ਤਰ੍ਹਾਂ ਹੀ ਸ਼ੁਰੂ ਕਰ ਦਿੱਤੀ ਜਾਵੇਗੀ ਕਿਉਂਕਿ ਹੁਣ ਪਾਣੀ ਦਾ ਪੱਧਰ ਕਾਫ਼ੀ ਤੇਜ਼ ਚੱਲ ਰਿਹਾ ਹੈ, ਜਿਸ ਕਾਰਨ ਕਿਸ਼ਤੀ ਚਲਾਉਣੀ ਅਸੰਭਵ ਹੈ। ਉਨ੍ਹਾਂ ਕਿਹਾ ਕਿ ਕਾਫ਼ੀ ਲੋਕ ਆਉਣ-ਜਾਣ ਲਈ ਦਰਿਆ ਕੰਢੇ 'ਤੇ ਬੈਠ ਕੇ ਉਡੀਕ ਕਰ ਰਹੇ ਹਨ, ਜਿਵੇਂ ਹੀ ਪਾਣੀ ਘੱਟ ਹੁੰਦਾ ਹੈ ਤਾਂ ਲੋਕਾਂ ਨੂੰ ਆਰਲੇ-ਪਾਰਲੇ ਪਾਸੇ ਕਿਸ਼ਤੀ ਰਾਹੀਂ ਲਿਜਾਇਆ ਜਾਵੇਗਾ।

## ਹੋਰ ਕਸੂਤੇ ਫਸਣਗੇ ਮਜੀਠੀਆ ! ਪੁਲਿਸ ਨੂੰ ਧਮਕਾਉਣ ਦੇ ਦੋਸ਼ ਹੇਠ ਕੇਸ ਦਰਜ ਕਰਨ ਦੀ ਤਿਆਰੀ

**ਚੰਡੀਗੜ੍ਹ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਬਿਕਰਮ ਸਿੰਘ ਮਜੀਠੀਆ ਦੀਆਂ ਮੁਸ਼ਕਿਲਾਂ ਵਧਦੀਆਂ ਜਾਪਦੀਆਂ ਹਨ, ਕਿਉਂਕਿ ਪੁਲਿਸ ਨੇ ਅਕਾਲੀ ਆਗੂ ਖਿਲਾ.ਫ ਇੱਕ ਹੋਰ ਐੱਫਆਈਆਰ ਦਰਜ ਕਰਨ ਦੀ ਤਿਆਰੀ ਖਿੱਚ ਲਈ ਹੈ। ਮਜੀਠੀਆ ਦੇ ਘਰ 'ਤੇ ਛਾਪੇਮਾਰੀ ਦੌਰਾਨ ਉਨ੍ਹਾਂ ਦੇ ਸਮਰਥਕਾਂ ਨੇ ਕਥਿਤ ਤੌਰ 'ਤੇ ਪੁਲਿਸ ਵਿਰੁੱਧ ਹਿੰਸਾ ਭੜਕਾਈ, ਜਿਸ ਕਾਰਨ ਕਈ ਗੰਭੀਰ ਸ਼ਿਕਾਇਤਾਂ ਸਾਹਮਣੇ ਆਈਆਂ ਹਨ। ਮਜੀਠੀਆ ਨੂੰ ਪਹਿਲਾਂ ਹੀ ਡਰੱਗ ਮਨੀ ਮਾਮਲੇ ਵਿੱਚ ਵਿਜੀਲੈਂਸ ਵੱਲੋਂ ਗ੍ਰਿ.ਫਤਾਰ ਕੀਤਾ ਗਿਆ ਹੈ। ਦੱਸ ਦਈਏ ਕਿ ਜਾਂਚ ਟੀਮ ਨੇ ਬਿਕਰਮ ਸਿੰਘ ਮਜੀਠੀਆ ਵਿਰੁੱਧ ਅਧਿਕਾਰੀਆਂ ਨੂੰ ਧਮਕੀਆਂ ਦੇਣ, ਧੱਕਾ-ਮੁੱਕੀ ਕਰਨ, ਸਬੂਤ ਨਸ਼ਟ ਕਰਨ ਦੀ ਸਾਜ਼ਿਸ਼ ਰਚਣ ਤੇ ਸਮਰਥਕਾਂ ਨੂੰ ਹਮਲਾ ਕਰਨ ਲਈ ਭੜਕਾਉਣ ਦੇ ਦੋਸ਼ ਹੇਠ ਸ਼ਿਕਾਇਤ ਦਰਜ ਕਰਵਾਈ ਹੈ। ਵਿਜੀਲੈਂਸ ਟੀਮ ਨੂੰ ਜਾਣਕਾਰੀ ਮਿਲੀ ਸੀ ਕਿ ਮਜੀਠੀਆ ਦੇ ਘਰ 'ਤੇ ਕੇਸ ਨਾਲ ਸਬੰਧਤ ਮਹੱਤਵਪੂਰਨ ਦਸਤਾਵੇਜ਼ ਮੌਜੂਦ ਹਨ। ਵਿਜੀਲੈਂਸ ਟੀਮ ਦੀ ਸ਼ਿਕਾਇਤ ਮੁਤਾਬਕ ਮਜੀਠੀਆ ਦੇ ਸਮਰਥਕਾਂ ਨੂੰ ਵਿਜੀਲੈਂਸ ਟੀਮ ਵੱਲੋਂ ਕੀਤੀ ਜਾਂਚ ਵਿਚ ਅੜਿੱਕਾ ਪਾਉਣ ਲਈ ਉਕਸਾਇਆ ਗਿਆ ਅਤੇ ਟੀਮ 'ਤੇ ਹਮਲਾ ਇਸ ਲਈ ਕੀਤਾ ਗਿਆ ਤਾਂ ਜੋ ਉਨ੍ਹਾਂ ਨੂੰ ਮਹੱਤਵਪੂਰਨ ਸਬੂਤ ਇਕੱਠੇ ਕਰਨ ਤੋਂ ਰੋਕਿਆ ਜਾ ਸਕੇ। ਦੱਸਿਆ ਜਾਂਦਾ ਹੈ ਕਿ ਮਜੀਠੀਆ ਦੀ ਇਸੇ ਰਿਹਾਇਸ਼ 'ਤੇ ਕੌਮਾਂਤਰੀ ਨਸ਼ਾ ਤਸਕਰ ਠਹਿਰਦੇ ਸਨ, ਜਿੱਥੇ ਮਜੀਠੀਆ ਦੇ ਸਮਰਥਕਾਂ ਨੇ ਵਿਜੀਲੈਂਸ ਟੀਮ ਦੀ ਜਾਂਚ ਵਿੱਚ ਅੜਿੱਕਾ ਪਾਇਆ ਸੀ।



**ਮਜੀਠੀਆ ਦੀ ਹਮਾਇਤ ਲਈ ਆਏ ਅਕਾਲੀ ਪੁਲਿਸ ਨੇ ਚੁੱਕੇ...ਪੁਲੀਸ ਛਾਉਣੀ ਬਣਿਆ ਮੁਹਾਲੀ:** ਪੰਜਾਬ ਵਿਜੀਲੈਂਸ ਵੱਲੋਂ ਬੀਤੇ ਦਿਨ ਹਿਰਾਸਤ ਵਿੱਚ ਲਏ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਅੱਜ ਮੁਹਾਲੀ ਜ਼ਿਲ੍ਹਾ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ। ਇਸ ਦੌਰਾਨ ਜ਼ਿਲ੍ਹਾ ਅਦਾਲਤ ਕੰਪਲੈਕਸ ਨੂੰ ਪੁਲੀਸ ਛਾਉਣੀ ਵਿਚ ਤਬਦੀਲ ਕਰ ਦਿੱਤਾ ਗਿਆ ਹੈ। ਹਿਰਾਸਤ ਵਿਚ ਲੈਣ ਮਗਰੋਂ ਇੱਥੇ ਵਿਜੀਲੈਂਸ ਬਿਊਰੋ ਦੇ ਫੇਜ਼-8 ਵਿਚਲੇ ਮੁੱਖ ਦਫ਼ਤਰ ਵਿਖੇ ਲਿਆਂਦਾ ਗਿਆ ਸੀ। ਪੁੱਛ-ਗਿੱਛ ਕੀਤੇ ਜਾਣ ਤੋਂ ਬਾਅਦ ਅੱਜ ਮਜੀਠੀਆ ਨੂੰ ਮੁਹਾਲੀ ਦੀ ਅਦਾਲਤ ਵਿਚ ਪੇਸ਼ ਕੀਤਾ ਜਾਣਾ ਹੈ। ਡੀਆਈਜੀ ਰੂਪਨਗਰ ਰੇਂਜ ਹਰਚਰਨ ਸਿੰਘ ਭੁੱਲਰ ਤੇ ਮੁਹਾਲੀ ਦੇ ਐਸਐਸਪੀ ਹਰਮਨਜੀਤ ਸਿੰਘ ਹਾਂਸ ਖੁਦ ਕਰ ਰਹੇ ਨੇ ਸੁਰੱਖਿਆ ਪ੍ਰਬੰਧਾਂ ਦੀ ਅਗਵਾਈ ਕਰ ਰਹੇ ਹਨ। ਮੁਹਾਲੀ ਅਦਾਲਤ ਦੇ ਦੋਹਾਂ ਗੇਟਾ ਦੀ ਬੈਰੀਕੇਟਿੰਗ ਕੀਤੀ ਗਈ ਹੈ। ਇਸ ਦੌਰਾਨ ਮੀਡੀਆ ਨੂੰ ਵੀ ਅਦਾਲਤੀ ਕੰਪਲੈਕਸ ਦੇ ਅੰਦਰ ਜਾਣ ਦੀ ਇਜਾਜ਼ਤ ਨਹੀ ਹੈ ਤੇ ਕਰਮਚਾਰੀਆਂ ਦੇ ਵੀ ਆਈਡੀ ਕਾਰਡ ਵੇਖ ਕੇ ਹੀ ਕੰਪਲੈਕਸ ਅੰਦਰ ਜਾਣ ਦਿੱਤਾ ਜਾ ਰਿਹਾ ਹੈ।

## ਪੰਜਾਬ ਕੈਬਨਿਟ 'ਚ 7ਵੇਂ ਫੇਰਬਦਲ ਦੀ ਤਿਆਰੀ ! ਕਈ ਮੰਤਰੀਆਂ ਦੀ ਹੋ ਸਕਦੀ ਹੈ ਛੁੱਟੀ

**ਚੰਡੀਗੜ੍ਹ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਹਲਕਾ ਪੱਛਮੀ ਦੀ ਉਪ ਚੋਣ 'ਚ ਜਿੱਤ ਹਾਸਲ ਕਰਨ ਤੋਂ ਬਾਅਦ ਇਹ ਸਸਪੈਂਸ ਤਾਂ ਖਤਮ ਹੋ ਗਿਆ ਹੈ ਕਿ ਰਾਜ ਸਭਾ ਦੇ ਐੱਮ. ਪੀ. ਤੋਂ ਵਿਧਾਇਕ ਬਣੇ ਸੰਜੀਵ ਅਰੋੜਾ ਹੁਣ ਕੈਬਨਿਟ ਮੰਤਰੀ ਬਣਨ ਜਾ ਰਹੇ ਹਨ। ਇਸ ਸਬੰਧ 'ਚ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਸਮੇਤ ਹੋਰ ਸੀਨੀਅਰ ਨੇਤਾਵਾਂ ਮਨੀਸ਼ ਸਿਸੋਦੀਆ, ਸੰਜੇ ਸਿੰਘ ਅਤੇ ਆਤਿਸ਼ੀਵੱਲੋਂ ਚੋਣ ਪ੍ਰਚਾਰ ਦੌਰਾਨ ਐਲਾਨ ਕੀਤਾ ਗਿਆ ਸੀ ਅਤੇ ਹੁਣ ਗਵਰਨਰ ਨੂੰ ਮਿਲਣ ਤੋਂ ਬਾਅਦ ਸੀ. ਐੱਮ. ਭਗਵੰਤ ਮਾਨ ਨੇ ਵੀ ਇਸ ਦੀ ਪੁਸ਼ਟੀ ਕਰ ਦਿੱਤੀ ਹੈ ਕਿ ਸੰਜੀਵ ਅਰੋੜਾ ਨੂੰ ਆਉਣ ਵਾਲੇ ਕੁਝ ਦਿਨਾਂ 'ਚ ਮੰਤਰੀ ਬਣਾ ਦਿੱਤਾ ਜਾਵੇਗਾ, ਜਿਸ ਤੋਂ ਬਾਅਦ ਸਿਆਸੀ ਚਰਚਾ ਛਿੜ ਗਈ ਹੈ ਕਿ ਸੰਜੀਵ ਅਰੋੜਾ ਨਾਲ ਹੋਰ ਨਵੇਂ ਵਿਧਾਇਕ ਵੀ ਮੰਤਰੀ ਦੇ ਰੂਪ 'ਚ ਸੀ. ਐੱਮ. ਮਾਨ ਦੀ ਕੈਬਨਿਟ 'ਚ ਸ਼ਾਮਲ ਹੋਣ ਜਾ ਰਹੇ ਹਨ। ਇਸ ਤੋਂ ਇਲਾਵਾ ਕਈ ਮੰਤਰੀਆਂ ਦੇ ਵਿਭਾਗਾਂ 'ਚ ਫੇਰਬਦਲ ਦੇ ਨਾਲ ਕੁਝ ਕੁ ਦੀ ਕੈਬਨਿਟ 'ਚ ਛੁੱਟੀ ਹੋਣ ਦੀਆਂ ਅਟਕਲਾਂ ਲਗਾਈਆਂ ਜਾ ਰਹੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਦਿੱਲੀ 'ਚ ਮੌਜੂਦ ਕੇਜਰੀਵਾਲ ਅਤੇ ਮਾਨ ਦੇ ਵਿਚਕਾਰ ਇਸ ਮੁੱਦੇ 'ਤੇ ਵਿਚਾਰ ਹੋਇਆ ਹੈ, ਜਿਸ 'ਚ ਪਰਫਾਰਮੈਂਸ ਦੇ ਆਧਾਰ 'ਤੇ ਮੰਤਰੀਆਂ ਦੇ ਵਿਭਾਗਾਂ 'ਚ ਫੇਰਬਦਲ ਜਾਂ ਕੈਬਨਿਟ 'ਚੋਂ ਛੁੱਟੀ ਕਰਨ ਦਾ ਫ਼ੈਸਲਾ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਮੰਤਰੀ ਬਣਨ ਦੇ ਦਾਅਵੇਦਾਰ ਜਾਂ ਕੁਰਸੀ 'ਤੇ ਖਤਰਾ ਮੰਡਰਾਉਂਦਾ ਦੇਖ ਕਈ ਮੰਤਰੀ ਅਤੇ ਵਿਧਾਇਕਾਂ ਨੂੰ ਦਿੱਲੀ ਦਰਬਾਰ ਦੇ ਚੱਕਰ ਲਗਾਉਂਦੇ ਦੇਖਿਆ ਜਾ ਰਿਹਾ ਹੈ। ਜ਼ਿਕਰਯੋਗ ਹੋਵੇਗਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ ਲਗਭਗ 3 ਸਾਲ ਦੌਰਾਨ ਭਗਵੰਤ ਮਾਨ ਦੀ ਕੈਬਨਿਟ 'ਚ 6 ਵਾਰ ਫੇਰਬਦਲ ਹੋ ਚੁੱਕਿਆ ਹੈ। ਇਨ੍ਹਾਂ 'ਚ ਆਖਰੀ ਫੇਰਬਦਲ ਜਲੰਧਰ ਪੱਛਮੀ ਚੋਣ ਤੋਂ ਬਾਅਦ ਹੋਈ ਸੀ, ਜਦ ਫਾਇਦਾ ਪੂਰਾ ਕਰਨ ਲਈ ਮੋਹਿੰਦਰ ਭਗਤ ਨੂੰ ਮੰਤਰੀ ਬਣਾਇਆ ਗਿਆ ਸੀ ਅਤੇ 4 ਨਵੇਂ ਚਿਹਰੇ ਵੀ ਮੰਤਰੀ ਮੰਡਲ 'ਚ ਸ਼ਾਮਲ ਕੀਤੇ ਗਏ ਸਨ। ਹੁਣ ਸੰਜੀਵ ਅਰੋੜਾ ਦੇ ਨਾਲ ਕਿਸੇ ਹੋਰ ਨਵੇਂ ਮੰਤਰੀਆਂ ਨੂੰ ਸ਼ਾਮਲ ਕਰਨ ਜਾਂ ਕੁਝ ਕੁ ਨੂੰ ਬਾਹਰ ਦਾ ਰਸਤਾ ਦਿਖਾਉਣ ਦੇ ਰੂਪ ਵਿਚ ਇਹ 7ਵਾਂ ਫੇਰਬਦਲ ਹੋਵੇਗਾ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano
**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia
**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran
**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi
**ਗਤਕਾ ਸਿੱਖੋ** Learn Gatka
www.damdamitaksal.net


# ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆਂ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ
## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com


AMRIT
SANCHAARS
JUNE/JULY 2025
SMETHWICK
SATURDAY 28TH JUNE | 11AM
GNG SMETHWICK, 130 HIGH ST, SMETHWICK, B66 3AP
EAST LONDON
SATURDAY 5TH JULY | 1PM
SRI GURU SINGH SABHA, 2-8 PARK AVE, SOUTHALL, UB1 3AG
SOUTHALL
SUNDAY 20TH JULY | 1PM
SRI GURU SINGH SABHA, 2-8 PARK AVE, SOUTHALL, UB1 3AG
CONTACT 07940 270 120 FOR MORE DETAILS
DAMDAMI TAKSAL JATHA UK & EUROPE
ਆਵਾਜ਼ਿ ਕੌਮ
AWAZE QAUM
International Newspaper & WEB TV



DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
WEST MIDLANDS
ਆਵਾਜ਼ਿ ਕੌਮ
AWAZE QAUM
International Newspaper & WEB TV
SATURDAY 28TH JUNE | 11AM
GURU NANAK GURDWARA SMETHWICK
130 HIGH ST | SMETHWICK | B66 3AP
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ AWAZE QAUM
International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥



# ਸੱਦਾ ਪੱਤਰ

ਸਤਿਕਾਰ ਯੋਗ ......... ਸਮੂਹ ਖ਼ਾਲਸਾ ਪੰਥ ......... ਜੀਓ

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।




## ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ

## ਦੀ ਯਾਦ ਨੂੰ ਤਾਜਾ ਕਰਦਿਆਂ

# ਦੂਜਾ ਸ਼ਹੀਦੀ ਸਮਾਗਮ

ਆਵਾਜ਼ਿ ਕੌਮ AWAZE QAUM International Newspaper & WEB TV

## 29 ਜੂਨ 2025 ਐਤਵਾਰ

## ਪਿੰਡ ਖੋਸਾ (ਜਲੰਧਰ)

(ਗੁ: ਸੱਤਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ)

(ਨੇੜੇ ਲੋਹੀਆਂ ਖਾਸ) ਆਪ ਜੀ ਨੂੰ ਪਹੁੰਚਣ ਲਈ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ

27 ਜੂਨ 2025 | ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ

29 ਜੂਨ 2025 | ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ

ਉਪਰੰਤ ਦੀਵਾਨ ਸਜਾਏ ਜਾਣਗੇ


ਨੋਟ: ਪੰਥਕ ਬੁਲਾਰੇ ਵੀ ਸੰਗਤਾਂ ਦੇ ਦਰਸ਼ਨ ਕਰਨਗੇ

ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਯਾਦ ਵਿੱਚ ਖੂਨਦਾਨ ਕੈਂਪ ਵੀ ਲਗਾਇਆ ਜਾਵੇਗਾ



ਬੇਨਤੀ ਕਰਤਾ

ਜਲਾਵਤਨੀ ਭਾਈ ਪ੍ਰਗਟ ਸਿੰਘ "ਜਰਮਨੀ" ਨਿੱਝਰ ਸਾਬ ਦੇ ਨਜ਼ਦੀਕੀ ਸਾਥੀ



ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥



# ਸੱਦਾ ਪੱਤਰ

ਸਤਿਕਾਰ ਯੋਗ ........ ਸਮੂਹ ਖ਼ਾਲਸਾ ਪੰਥ ........ ਜੀਓ

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।




## ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ

## ਦੀ ਯਾਦ ਨੂੰ ਤਾਜਾ ਕਰਦਿਆਂ

# ਦੂਜਾ ਸ਼ਹੀਦੀ ਸਮਾਗਮ

ਆਵਾਜ਼ਿ ਕੌਮ AWAZE QAUM International Newspaper & WEB TV

## 29 ਜੂਨ 2025 ਐਤਵਾਰ

## ਪਿੰਡ ਖੋਸਾ (ਜਲੰਧਰ)

(ਗੁ: ਸੱਤਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ)

(ਨੇੜੇ ਲੋਹੀਆਂ ਖਾਸ) ਆਪ ਜੀ ਨੂੰ ਪਹੁੰਚਣ ਲਈ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ

27 ਜੂਨ 2025 | ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ

29 ਜੂਨ 2025 | ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ

ਉਪਰੰਤ ਦੀਵਾਨ ਸਜਾਏ ਜਾਣਗੇ

ਨੋਟ: ਪੰਥਕ ਬੁਲਾਰੇ ਵੀ ਸੰਗਤਾਂ ਦੇ ਦਰਸ਼ਨ ਕਰਨਗੇ

ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਵੀ ਲਗਾਇਆ ਜਾਵੇਗਾ



ਬੇਨਤੀ ਕਰਤਾ


ਭਾਈ ਸੁਰਿੰਦਰ ਸਿੰਘ ਯੂ.ਐੱਸ.ਏ "ਜਥਾ ਠੀਕਰੀਵਾਲ"





**ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗਠਿਤ ਪੰਜ ਮੈਂਬਰੀ ਭਰਤੀ ਕਮੇਟੀ ਅਤੇ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਦੀ ਹੋਈ ਅਹਿਮ ਮੀਟਿੰਗ**

# ਸਾਂਝਾ ਪੰਥਕ ਪਲੇਟਫਾਰਮ ਹੋਂਦ ਚ ਆਉਣ ਦੀਆਂ ਕਿਆਸਰਾਈਆਂ



**ਸ੍ਰੀ ਅਮ੍ਰਿਤਸਰ ਸਾਹਿਬ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਬਣੀ ਭਰਤੀ ਕਮੇਟੀ ਜਿੰਨਾਂ ਵਿੱਚ ਬੀਬੀ ਸਤਵੰਤ ਕੌਰ ਜੀ, ਸ੍ਰ ਮਨਪ੍ਰੀਤ ਸਿੰਘ ਜੀ ਇਆਲੀ, ਜਥੇਦਾਰ ਸੰਤਾ ਸਿੰਘ ਜੀ ਉਮੈਦਪੁਰੀ, ਜਥੇ: ਗੁਰਪ੍ਰਤਾਪ ਸਿੰਘ ਜੀ ਵਡਾਲਾ, ਸ੍ਰ ਇਕਬਾਲ ਸਿੰਘ ਜੀ ਝੂੰਦਾ ਪੰਥਕ ਏਕੇ ਦਾ ਸੱਦਾ ਲੈ ਕੈ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਮੁੱਖ ਸੇਵਾਦਾਰ ਅਤੇ ਮੈਂਬਰ ਪਾਰਲੀਮੈਂਟ ਹਲਕਾ ਖਡੂਰ ਸਾਹਿਬ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਭਾਈ ਦਇਆ ਸਿੰਘ ਲਹੌਰੀਆ ਵੀ ਹਾਜ਼ਰ ਸਨ। ਅਕਾਲੀ ਦਲ ( ਵਾਰਿਸ ਪੰਜਾਬ ਦੇ ) ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਭਰਤੀ ਕਮੇਟੀ ਵੱਲੋਂ ਪੰਥਕ ਏਕਤਾ ਦੇ ਕੀਤੇ ਜਾ ਰਹੇ ਯਤਨਾਂ ਦਾ ਸਵਾਗਤ ਕੀਤਾ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੋਮਣੀ ਅਕਾਲੀ ਦਲ ਦੇ ਪੁਨਰ-ਸੁਰਜੀਤੀ ਲਈ ਬਣਾਈ ਭਰਤੀ ਕਮੇਟੀ ਅਤੇ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵੱਲੋਂ ਇਹ ਫੈਸਲਾ ਹੋਇਆ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਪੰਥਕ ਧਿਰਾਂ ਨਾਲ ਤਾਲਮੇਲ ਕਰਕੇ ਸਮੁੱਚੀਆਂ ਪੰਥਕ ਧਿਰਾਂ ਨੂੰ ਇਕ ਪਲੇਟਫਾਰਮ ਤੇ ਇਕੱਠੇ ਕਰਨ ਦੇ ਸਾਂਝੇ ਤੌਰ ਯਤਨ ਕੀਤੇ ਜਾਣੇ ਚਾਹੀਦੇ ਹਨ ਤਾਂ ਕਿ ਕੌਮ ਨੂੰ ਪੰਥਕ ਸੰਕਟ ਚੋਂ ਕੱਢ ਕੇ ਚੜ੍ਹਦੀ ਕਲਾ ਵੱਲ ਲਿਜਾਇਆ ਜਾ ਸਕੇ ਅਤੇ ਪੰਜਾਬ ਨੂੰ ਬਚਾਇਆ ਜਾ ਸਕੇ। ਇਸ ਸਮੇਂ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਦੀ ਮੁੱਖ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਬਾਪੂ ਤਰਸੇਮ ਸਿੰਘ, ਫ਼ਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਜੀ ਖ਼ਾਲਸਾ, ਸ੍ਰ ਅਮਰਜੀਤ ਸਿੰਘ ਵੰਨਚਿੜੀ, ਸ੍ਰ ਹਰਭਜਨ ਸਿੰਘ ਤੁੜ, ਸ੍ਰ ਸੁਰਜੀਤ ਸਿੰਘ ਦੌਲਤਪੁਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਬਾਰੇ ਵਿਧੀ ਵਿਧਾਨ ਕਮੇਟੀ ਵਿੱਚੋਂ ਹਰਿਆਣਾ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬਾਹਰ ਰੱਖਣਾ ਮੰਦਭਾਗਾ - ਜਥੇਦਾਰ ਦਾਦੂਵਾਲ



**ਚੰਡੀਗੜ੍ਹ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕੇ ਪਾਵਨ ਸਿੱਖ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਦੀ ਨਿਯੁਕਤੀ,ਅਧਿਕਾਰ ਖੇਤਰ,ਉਪਜੀਵਕਾ ਅਤੇ ਸੇਵਾ ਮੁਕਤੀ ਸਬੰਧੀ ਵਿਧੀ ਵਿਧਾਨ ਬਣਾਉਣ ਲਈ ਸਮੁੱਚੇ ਪੰਥ ਵੱਲੋਂ ਲੰਬੇ ਸਮੇਂ ਤੋਂ ਮੰਗ ਚੱਲ ਰਹੀ ਹੈ ਜਿਸ ਤਰਾਂ ਪਿਛਲੇ ਸਮੇਂ ਵਿੱਚ ਬਾਦਲ ਪਰਿਵਾਰ ਦੇ ਇਸ਼ਾਰੇ ਤੇ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਨੂੰ ਬੇਇੱਜਤ ਕਰਕੇ ਸੇਵਾ ਮੁਕਤ ਕੀਤਾ ਗਿਆ ਉਹ ਅਤਿਅੰਤ ਮੰਦਭਾਗਾ ਹੈ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਥ ਦੀ ਮੰਗ ਉੱਤੇ ਵਿਧੀ ਵਿਧਾਨ ਬਣਾਉਣ ਦਾ ਪਿਛਲੇ ਦਿਨੀ ਪੰਥ ਦੇ ਦਬਾਅ ਨੂੰ ਵੇਖਦਿਆਂ ਐਲਾਨ ਕੀਤਾ ਸੀ ਪਰ ਜਿਸ ਤਰੀਕੇ ਨਾਲ ਸ੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਸਾਹਿਬ ਨੇ ਵਿਧੀ ਵਿਧਾਨ ਕਮੇਟੀ ਦਾ ਐਲਾਨ ਕੀਤਾ ਹੈ ਉਸ ਨੂੰ ਦੇਖ ਕੇ ਲੱਗਦਾ ਹੈ ਕੇ ਸ਼੍ਰੋਮਣੀ ਕਮੇਟੀ ਜਥੇਦਾਰਾਂ ਨੂੰ ਇੱਕ ਵਾਰ ਫੇਰ ਬਾਦਲ ਪ੍ਰੀਵਾਰ ਦੀ ਗ੍ਰਿਫਤ ਵਿੱਚ ਹੀ ਰੱਖਣਾ ਚਾਹੁੰਦੀ ਹੈ ਸ਼੍ਰੋਮਣੀ ਕਮੇਟੀ ਵੱਲੋਂ ਪੰਥ ਦੀ ਦੋ ਵੱਡੀਆ ਸੰਸਥਾਵਾਂ ਦਿੱਲੀ ਕਮੇਟੀ ਅਤੇ ਹਰਿਆਣਾ ਕਮੇਟੀ ਨੂੰ ਪੱਖਪਾਤੀ ਨੀਅਤ ਨਾਲ ਬਾਹਰ ਰੱਖਿਆ ਗਿਆ ਹੈ ਉਨਾਂ ਦਾ ਕੋਈ ਵੀ ਨੁਮਾਇੰਦਾ ਇਸ ਵਿਧੀ ਵਿਧਾਨ ਕਮੇਟੀ ਵਿੱਚ ਸ਼ਾਮਿਲ ਨਹੀਂ ਕੀਤਾ ਗਿਆ ਇਸ ਗੱਲ ਤੋਂ ਸ਼੍ਰੋਮਣੀ ਕਮੇਟੀ ਦੀ ਪੱਖਪਾਤੀ ਨੀਅਤ ਸ਼ਾਫ ਅਤੇ ਸਪੱਸ਼ਟ ਨਜ਼ਰ ਆਉਂਦੀ ਹੈ ਜਿਸ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਦੀ ਕਰਦਾ ਹਾਂ ਜਥੇਦਾਰ ਦਾਦੂਵਾਲ ਜੀ ਨੇ ਕਮੇਟੀ ਵਿੱਚ ਸ਼ਾਮਿਲ ਕੀਤੀਆਂ ਗਈਆਂ ਸ਼ਖਸ਼ੀਅਤਾਂ ਨੂੰ ਅਪੀਲ ਕਰਦਿਆਂ ਕਿਹਾ ਕੇ ਉਹ ਵਿਧੀ ਵਿਧਾਨ ਕਮੇਟੀ ਨੂੰ ਬਾਦਲ ਦਲ ਦੇ ਪ੍ਰਭਾਵ ਤੋਂ ਮੁਕਤ ਕਰਕੇ ਇਸ ਵਿਧੀ ਵਿਧਾਨ ਨੂੰ ਨਿਰਪੱਖਤਾ ਨਾਲ ਬਣਾਉਣ ਦਾ ਯਤਨ ਕਰਨ ਤਾਂ ਕੇ ਪੰਥ ਦੀ ਚੜਦੀਕਲਾ ਹੋ ਸਕੇ ਅਤੇ ਇਤਿਹਾਸ ਉਨਾਂ ਦੀ ਨਿਰਪੱਖਤਾ ਨੂੰ ਯਾਦ ਰੱਖੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਸ਼ਹੀਦੀ ਦਿਹਾੜਾ ਬਾਬਾ ਬੰਦਾ ਸਿੰਘ ਜੀ ਬਹਾਦਰ





ਸਲਾਨਾ ਬਰਸੀ ਸ਼ੇਰੇ ਪੰਜਾਬ ਮਾਹਰਾਜਾ ਰਣਜੀਤ ਸਿੰਘ ਜੀ। ☛ ਸਲਾਨਾ ਬਰਸੀ ਸ਼੍ਰੀ ਮਾਨ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 28 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 29 ਜੂਨ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਰਵਿੰਦਰ ਸਿੰਘ ਮਖੱਲਆਣਾ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਸੈਕਟਰ ਕਾਝਲਾ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਅਧੀਨ

# ਡੇਂਗੂ ਮਲੇਰੀਆ ਪ੍ਰਤੀ ਕੀਤਾ ਜਾਗਰੂਕ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾ: ਸੰਜੇ ਕਾਮਰਾ ਦੇ ਦਿਸਾ ਨਿਰਦੇਸ ਅਨੁਸਾਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ. ਉਪਾਸਨਾ ਬਿੰਦਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰਪੁਰ ਡਾਕਟਰ ਸੁਦੀਪ ਸਿੱਧੂ ਅਗਵਾਈ ਹੇਠ ਪਿੰਡ ਕਾਝਲਾ,ਲੱਡਾ ਬੇਨੜਾ ਕੁੰਭੜਵਾਲ ਬਾਲੀਆ ਵਿਖੇ ਡੈਂਗੂ,ਮਲੇਰੀਆ ਤੋਂ ਸੰਬੰਧੀ ਜਾਣਕਾਰੀ ਦਿੱਤੀ ਗਈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਅਸੋਕ ਕੁਮਾਰ ਤੇ ਗੁਰਜੰਟ ਸਿੰਘ ਹੈਲਥ ਸੁਪਰਵਾਈਜ਼ਰ ਨੇ ਦੱਸਿਆ ਕਿ 'ਹਰ ਸੁੱਕਰਵਾਰ ਡੇਗੂ ਤੇ ਵਾਰ" ਡੇਂਗੂ, ਮਲੇਰੀਆ ਬੁਖਾਰ ਮੱਛਰਾਂ ਦੇ ਕੱਟਣ ਤੋਂ ਫੈਲਦੇ ਹਨ, ਡੇਂਗੂ ਦਾ ਮੱਛਰ ਜਿਆਦਾਤਰ ਦਿਨ ਵੇਲੇ ਤੇ ਮਲੇਰੀਆ ਦੇ ਮੱਛਰ ਰਾਤ ਨੂੰ ਕੱਟਦੇ ਹਨ। ਇਹ ਮੱਛਰ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਖੜੇ ਪਾਣੀ ਦੀਆਂ ਥਾਵਾਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਉਨ੍ਹਾਂ ਕਿਹਾ ਕਿ ਟੋਇਆਂ ਨੂੰ ਭਰਿਆ ਜਾਵੇ , ਘਰਾਂ ਵਿਚ ਲੱਗੇ ਕੂਲਰ, ਗਮਲਿਆਂ, ਕਟੋਰਿਆਂ, ਟਾਇਰਾਂ ਤੇ ਫਰਿੱਜ ਦੀਆਂ ਟਰੇਆ ਨੂੰ ਹਫ਼ਤੇ ਵਿਚ ਇਕ ਵਾਰ ਜ਼ਰੂਰ ਸੁਕਾ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਮੱਛਰਾਂ ਤੋਂ ਛੁਟਕਾਰਾ ਪਾਉਣ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ, ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਨੂੰ ਸਾਫ਼ ਕਰਨਾ ਚਾਹੀਦਾ ਹੈ ਅਤੇ ਜੇਕਰ ਕਿਸੇ ਵਿਅਕਤੀ ਨੂੰ ਟੱਟੀਆ ਉਲਟੀਆ ਜਾ ਬੁਖ਼ਾਰ ਹੋਣ ਦਾ ਸ਼ੱਕ ਹੋਵੇ ਤਾਂ ਤੁਰੰਤ ਨੇੜੇ ਦੇ ਹਸਪਤਾਲ ਜਾ ਕੇ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ, ਜੋ ਕਿ ਪੰਜਾਬ ਸਰਕਾਰ ਵੱਲੋ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਗੁਰਵਿੰਦਰ ਸਿੰਘ,ਹਰਜੀਤ ਸਿੰਘ ,ਗੁਰਪ੍ਰੀਤ ਸਿੰਘ,ਅਮਰੀਕ ਸਿੰਘ ਮ.ਪ.ਹ.ਵ ਤੇ ਪਿੰਡ ਦੇ ਪਤਵੰਤੇ ਸੱਜਣ ਵੀ ਹਾਜਰ ਸਨ।

### ਖਨੌਰੀ ਤੇ ਮੂਣਕ ਖੇਤਰ ਦੀਆਂ ਸੜਕਾਂ ਦੀ ਕਰੀਬ

# 55 ਕਰੋੜ ਰੁਪਏ ਦੀ ਲਾਗਤ ਨਾਲ ਹੋਵੇਗੀ ਕਾਇਆ ਕਲਪ: ਬਰਿੰਦਰ ਕੁਮਾਰ ਗੋਇਲ




**ਲਹਿਰਾ/ ਮੂਣਕ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ, ਪੰਜਾਬ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ। ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਲਹਿਰਾ ਵਿਖੇ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਇਸ ਹਲਕੇ ਨੂੰ ਨਮੂਨੇ ਦਾ ਹਲਕਾ ਬਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਤੇ ਇਸ ਹਲਕੇ ਦੇ ਖਨੌਰੀ ਤੇ ਮੂਣਕ ਖੇਤਰ ਦੀਆਂ ਸੜਕਾਂ ਦੀ ਕਰੀਬ 55 ਕਰੋੜ ਰੁਪਏ ਦੀ ਲਾਗਤ ਨਾਲ ਕਾਇਆ ਕਲਪ ਕੀਤੀ ਜਾ ਰਹੀ ਹੈ।

**☛ ਕੈਬਨਿਟ ਮੰਤਰੀ ਨੇ ਪਾਤੜਾਂ-ਖਨੌਰੀ ਰੋਡ ਤੋਂ ਕਨਾਲ ਬੈਂਕ ਭਾਖੜਾ ਨੂੰ ਕਰੀਬ 01 ਕਰੋੜ 01 ਲੱਖ ਰੁਪਏ ਦੀ ਲਾਗਤ ਨਾਲ 10 ਫੁੱਟ ਤੋਂ 18 ਫੁੱਟ ਚੌੜਾ ਕਰਨ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ☛ ਹਮੀਰਗੜ੍ਹ ਤੋਂ ਮੰਡਵੀ ਸੜਕ ਦੀ ਕਾਇਆ ਕਲਪ ਲਈ 01 ਕਰੋੜ 35 ਲੱਖ ਰੁਪਏ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ**

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਮੰਡਵੀ ਵਿਖੇ ਹਮੀਰਗੜ੍ਹ ਤੋਂ ਮੰਡਵੀ 06.78 ਕਿਲੋਮੀਟਰ ਸੜਕ ਦੀ ਕਾਇਆ ਕਲਪ ਲਈ 01 ਕਰੋੜ 35 ਲੱਖ ਰੁਪਏ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਅਤੇ ਖਨੌਰੀ ਵਿਖੇ ਪਾਤੜਾਂ-ਖਨੌਰੀ ਰੋਡ ਤੋਂ ਕਨਾਲ ਬੈਂਕ ਭਾਖੜਾ ਨੂੰ ਕਰੀਬ 01 ਕਰੋੜ 01 ਲੱਖ ਰੁਪਏ ਦੀ ਲਾਗਤ ਨਾਲ 10 ਫੁੱਟ ਤੋਂ 18 ਫੁੱਟ ਚੌੜਾ ਕਰਨ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ।

ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਕਰੀਬ 03 ਕਰੋੜ ਰੁਪਏ ਦੀ ਲਾਗਤ ਨਾਲ ਭਾਖੜਾ ਦੇ ਨਾਲ ਨਾਲ ਰੇਲਿੰਗ ਲਗਵਾਈ ਗਈ ਹੈ।ਉਹਨਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਜਦੋਂ ਖਨੌਰੀ ਖੇਤਰ ਵਿੱਚ ਕਈ ਅੰਦੋਲਨ ਚਲਦੇ ਰਹੇ ਤਾਂ ਟ੍ਰੈਫਿਕ ਮੁੱਖ ਸੜਕ ਨੂੰ ਛੱਡ ਕੇ ਪਿੰਡਾਂ ਵਿਚ ਦੀ ਲੰਘਦੀ ਰਹੀ, ਜਿਸ ਨਾਲ ਇਸ ਖੇਤਰ ਦੀਆਂ ਸੜਕਾਂ ਦੀ ਹਾਲਤ ਖ਼ਸਤਾ ਹੋ ਗਈ ਸੀ। ਪਰ ਹੁਣ ਕੋਈ ਵੀ ਸੜਕ ਅਜਿਹੀ ਨਹੀਂ ਹੋਵੇਗੀ, ਜਿਸ ਦੀ ਕਾਇਆ ਕਲਪ ਨਾ ਕੀਤੀ ਜਾਵੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਖੇਤਰ ਵਿੱਚ ਵੱਖੋ-ਵੱਖ ਥਾਂ ਉੱਤੇ ਕਰੀਬ 22 ਕਰੋੜ ਰੁਪਏ ਦੀ ਲਾਗਤ ਨਾਲ ਬਹੁਤ ਜਲਦ 03 ਪੁਲ ਵੀ ਬਣੇ ਜਾਣੇ ਹਨ, ਜਿਸ ਨਾਲ ਲੋਕਾਂ ਨੂੰ ਆਵਾਜਾਈ ਸਬੰਧੀ ਦਿੱਕਤਾਂ ਤੋਂ ਨਿਜਾਤ ਮਿਲੇਗੀ। ਉਹਨਾਂ ਨੇ ਇਸ ਮੌਕੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਪ੍ਰੋਜੈਕਟ ਤੈਅ ਸਮੇਂ ਮੁਤਾਬਕ ਪੂਰੇ ਕੀਤੇ ਜਾਣ।

ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ, ਐਕਸੀਅਨ ਮੰਡੀ ਬੋਰਡ ਪੁਨੀਤ ਕੁਮਾਰ, ਐਸ.ਡੀ. ਓ. ਲਾਲਿਤ ਕੁਮਾਰ ਮੰਡੀ ਬੋਰਡ, ਭਗਵੰਤ ਸਿੰਘ ਪਿੰਡ ਮੰਡਵੀ, ਬਲਜੀਤ ਸਿੰਘ ਮੰਡਵੀ, ਸਰਦੂਲ ਸਿੰਘ, ਟਰੱਕ ਯੂਨੀਅਨ ਦੇ ਪ੍ਰਧਾਨ ਬੀਰਭਾਨ ਕਾਂਸਲ ਖਨੌਰੀ, ਤਰਸੇਮ ਸਿੰਗਲਾ, ਵਿਸ਼ਾਲ ਕਾਂਸਲ, ਸੁਰਿੰਦਰ ਕਰੋਦਾ, ਮਹਾਵੀਰ ਸਰਮਾ ਕੌਂਸਲਰ, ਅਸ਼ੋਕ ਕੁਮਾਰ ਠੇਕੇਦਾਰ, ਸੰਜੇ ਸਿੰਗਲਾ, ਜੋਰਾ ਸਿੰਘ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਖਨੌਰੀ, ਅਨਿਲ ਕੁਮਾਰ, ਕੁਲਦੀਪ ਸਿੰਘ ਪੂਨੀਆ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਵੱਖੋ ਵੱਖ ਅਹੁਦੇਦਾਰ, ਆਗੂ, ਕੌਂਸਲਰ ਅਤੇ ਪਤਵੰਤੇ ਹਾਜ਼ਰ ਸਨ।

# ਬੇਅਦਬੀਆਂ ਸਬੰਧੀ ਸਖ਼ਤ ਕਾਨੂੰਨ ਬਣਾਉਣ ਲਈ ਸੰਜੀਦਾ ਹੋਵੇ ਸਰਕਾਰ- ਐਡਵੋਕੇਟ ਧਾਮੀ



**ਨਵੀਂ ਦਿੱਲੀ, 27 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੇ ਬੇਅਦਬੀਆਂ ਦੇ ਮਾਮਲਿਆਂ ਵਿਚ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਲਈ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਪਿਛਲੇ ਲੰਮੇ ਸਮੇਂ ਤੋਂ ਸਮਾਣਾ ਵਿਖੇ ਟਾਵਰ 'ਤੇ ਚੜ੍ਹ ਕੇ ਸੰਘਰਸ਼ ਕਰ ਰਹੇ ਸਿੱਖ ਨੌਜੁਆਨ ਸ. ਗੁਰਜੀਤ ਸਿੰਘ ਖ਼ਾਲਸਾ ਦੀ ਵਿਗੜ ਰਹੀ ਹਾਲਤ 'ਤੇ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਦੀ ਕਰੜੀ ਆਲੋਚਨਾ ਕੀਤੀ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਵਨਾਵਾਂ ਨਾਲ ਜੁੜੇ ਇਸ ਮੁੱਦੇ 'ਤੇ ਸਰਕਾਰ ਦੀ ਪਹੁੰਚ ਲਗਾਤਾਰ ਗੈਰ- ਜ਼ੁੰਮੇਵਰਾਨਾ ਰਹੀ ਹੈ, ਜਿਸ ਕਾਰਨ ਸਿੱਖ ਨੌਜੁਆਨ ਦੀ ਜ਼ਿੰਦਗੀ ਨੂੰ ਖ਼ਤਰਾ ਬਣਿਆ ਹੋਇਆ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀਆਂ ਦਾ ਮਾਮਲਾ ਬੇਹੱਦ ਸੰਜੀਦਾ ਹੈ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਹਮੇਸ਼ਾ ਹੀ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਯਤਨਸ਼ੀਲ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਬੇਅਦਬੀਆਂ ਦੇ ਮਾਮਲੇ ਵਿਚ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਕਾਨੂੰਨ ਪਾਸ ਕਰਨ ਵਾਸਤੇ ਕਈ ਵਾਰ ਸਰਕਾਰਾਂ ਨੂੰ ਲਿਖਿਆ ਹੈ, ਪ੍ਰੰਤੂ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਵੱਲੋਂ ਬੇਹੱਦ ਸੰਜੀਦਾ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ। ਇਸੇ ਹੀ ਸਬੰਧ ਵਿਚ ਸਿੱਖ ਨੌਜੁਆਨ ਸ. ਗੁਰਜੀਤ ਸਿੰਘ ਖਾਲਸਾ ਸੰਘਰਸ਼ ਦੇ ਰਾਹ 'ਤੇ ਹੈ, ਪ੍ਰੰਤੂ ਸਰਕਾਰ ਦੀ ਖ਼ਾਮੋਸ਼ੀ ਸਵਾਲ ਖੜ੍ਹੇ ਕਰ ਰਹੀ ਹੈ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਮਾਮਲੇ ਵਿਚ ਫੜ੍ਹੇ ਗਏ ਦੋਸ਼ੀ ਅਕਸਰ ਹੀ ਸਖ਼ਤ ਕਾਨੂੰਨ ਦੀ ਘਾਟ ਕਾਰਨ ਜਲਦ ਛੁੱਟ ਜਾਂਦੇ ਹਨ, ਜਿਸ ਨਾਲ ਸੰਗਤਾਂ ਦੀਆਂ ਭਾਵਨਾਵਾਂ ਆਹਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਬੇਅਦਬੀਆਂ ਵਿਰੁੱਧ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਨੌਜੁਆਨ ਦੀ ਸਮੁੱਚਾ ਪੰਥ ਹਮਾਇਤ ਕਰਦਾ ਹੈ।ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਵੀ ਇਸ ਨੌਜੁਆਨ ਨੂੰ ਮਿਲ ਕੇ ਸਮਰਥਨ ਦਿੱਤਾ ਗਿਆ ਸੀ ਅਤੇ ਹੁਣ ਵੀ ਸਿੱਖ ਸੰਸਥਾ ਉਸ ਦੇ ਨਾਲ ਹੈ।

# ਦਿੱਲੀ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਦੀ ਘੋਰ ਉਲੰਘਣਾ, ਕਮੇਟੀ ਪ੍ਰਬੰਧਕਾਂ ਨੂੰ ਤਖਤ ਸਾਹਿਬ ਤੇ ਸੱਦਣ ਦੀ ਮੰਗ: ਪੀਤਮਪੁਰਾ



ਨਵੀਂ ਦਿੱਲੀ 27 ਜੂਨ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕ ਵਾਰ ਵਾਰ ਆਪਹੁਦਰੀ ਕਾਰਵਾਈਆਂ ਕਰਕੇ ਜਿੱਥੇ ਪੰਥ ਨੂੰ ਵੰਗਾਰ ਪਾਂਦੇ ਹਨ ਓਥੇ ਸਿੱਖ ਹਿਰਦਿਆਂ ਨੂੰ ਭਾਰੀ ਠੇਸ ਪੁੱਜਦੀ ਹੈ ।ਸ਼੍ਰੋਮਣੀ ਅਕਾਲੀ ਦਲ ਦੀ ਯੂਥ ਅਕਾਲੀ ਦਲ ਦੇ ਸਕੱਤਰ ਜਨਰਲ ਅਤੇ ਨੈਸ਼ਨਲ ਕੋਰ ਕਮੇਟੀ ਦੇ ਮੈਂਬਰ ਜਸਮੀਤ ਸਿੰਘ ਪੀਤਮਪੁਰਾ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਇਸੇ ਤਰ੍ਹਾਂ ਹੁਣ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨਾਂ ਵੱਲੋਂ 21 ਮਈ 2025 ਨੂੰ ਜਾਰੀ ਕੀਤੇ ਗਏ ਆਦੇਸ਼ ਦੀ ਦਿੱਲੀ ਕਮੇਟੀ ਪ੍ਰਬੰਧਕਾਂ ਵੱਲੋਂ ਅਵਗਿਆ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਨੂੰ ਅਣਗੌਲਿਆ ਕੀਤਾ ਗਿਆ ਹੈ। ਇਹ ਅਵਗਿਆ 25 ਜੂਨ ਨੂੰ ਦਿੱਲੀ ਕਮੇਟੀ ਦੇ ਹੋਏ ਜਨਰਲ ਇਜਲਾਸ ਦੌਰਾਨ ਹੋਈ ਹੈ। ਕਿਉਂਕਿ ਪੰਥਕ ਸੇਵਾਵਾਂ ਉਤੇ ਲੱਗੀ ਰੋਕ ਦੇ ਬਾਵਜੂਦ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਭਾਈ ਬਲਦੇਵ ਸਿੰਘ ਅਤੇ ਐਡੀਸ਼ਨਲ ਹੈੱਡ ਗ੍ਰੰਥੀ ਭਾਈ ਗੁਰਦਿਆਲ ਸਿੰਘ ਇਸ ਇਜਲਾਸ 'ਚ ਨਾਂ ਕੇਵਲ ਸ਼ਾਮਲ ਹੋਏ ਸਨ, ਸਗੋਂ ਸਰਕਾਰੀ ਦਖਲਅੰਦਾਜ਼ੀ ਨਾਲ ਮਨਮਰਜੀ ਰਾਹੀਂ ਕਰਵਾਏ ਗਏ ਚੋਣਾਂ ਵਿਚ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸਿਰੋਪੇ ਦਿੰਦਿਆਂ ਦੀਆਂ ਇਨ੍ਹਾਂ ਦੀ ਫੋਟੋਆਂ ਵੀ ਸੋਸ਼ਲ ਮੀਡੀਆ ਉਤੇ ਆਈਆਂ ਸਨ। ਦਸਣਯੋਗ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ 21 ਮਈ ਨੂੰ 3/222 ਰਾਹੀਂ ਜਾਰੀ ਕੀਤੇ ਗਏ ਆਦੇਸ਼ ਅਨੁਸਾਰ; "ਭਾਈ ਬਲਦੇਵ ਸਿੰਘ ਅਤੇ ਭਾਈ ਗੁਰਦਿਆਲ ਸਿੰਘ ਨੂੰ ਵੀ ਆਦੇਸ਼ ਕੀਤਾ ਜਾਂਦਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ਾਂ ਦੀ ਹੁਕਮ ਅਦੂਲੀ ਕਰਨ ਦੇ ਮੱਦੇਨਜ਼ਰ ਇਹ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਪੱਖ ਰੱਖਣ, ਉਦੋਂ ਤੱਕ ਇਨ੍ਹਾਂ ਦੋਵਾਂ ਦੀਆਂ ਪੰਥਕ ਸੇਵਾਵਾਂ ਉੱਤੇ ਰੋਕ ਲਗਾਈ ਜਾਂਦੀ ਹੈ।" ਇਹ ਹੀ ਨਹੀਂ ਸਗੋਂ ਕਰਵਾਈ ਗਈ ਚੋਣਾਂ ਵਿਚ ਚਾਰ ਤਖਤ ਸਾਹਿਬਾਨ ਦੇ ਜੱਥੇਦਾਰ ਸਾਹਿਬਾਨਾਂ ਨੂੰ ਨਾ ਸੱਦ ਕੇ ਸਿਰਫ ਤਖਤ ਸ੍ਰੀ ਪਟਨਾ ਸਾਹਿਬ ਦੇ ਜੱਥੇਦਾਰ ਜਿਨ੍ਹਾਂ ਦੀ ਪੰਥਕ ਸੇਵਾਵਾਂ ਤੇ ਰੋਕ ਲਗਾਈ ਗਈ ਹੈ, ਨੂੰ ਸੱਦ ਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਦੀ ਤੌਹੀਨ ਕੀਤੀ ਹੈ ਇਸ ਲਈ ਕਮੇਟੀ ਪ੍ਰਬੰਧਕਾਂ ਨੂੰ ਤੁਰੰਤ ਸ੍ਰੀ ਅਕਾਲ ਤਖਤ ਸਾਹਿਬ ਤੇ ਸੱਦ ਕੇ ਇਸ ਉਲੰਘਣਾ ਦੀ ਪੁੱਛਗਿਚ ਕਰਣ ਦੇ ਨਾਲ ਮਿਸਾਲੀ ਸਜ਼ਾ ਲਗਾਣੀ ਚਾਹੀਦੀ ਹੈ ਜਿਸ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਦੀ ਕੋਈ ਉਲੰਘਣਾ ਨਾ ਕਰ ਸਕੇ ।

## ਸਮੇਂ ਸਮੇਂ ਦੀਆਂ ਗੱਲਾਂ ਨੇ

ਜਦੋਂ ਮਹਿਰਮ ਤੁਰ ਜਾਂਦੇ ਤਾਂ
ਸਿਰਫ਼ ਕਿਆਫੇ ਰਹਿ ਜਾਂਦੇ ।
ਸਿਰੋਂ ਸਾਈਂ ਤੁਰੇ ਤਾਂ ਘਰਾਂ 'ਚ
ਰੁਲ਼ਦੇ ਸਾਫ਼ੇ ਰਹਿ ਜਾਂਦੇ ।
ਆ ਕੇ ਵਿੱਚ ਬੁਢਾਪੇ ਹਾਲਤ
ਹੁੰਦੀ ਉਸ ਤਰ੍ਹਾਂ ਬੰਦੇ ਦੀ ;
ਵਿੱਛੜੇ ਮੇਲੇ ਮਗਰੋਂ ਖਾਲੀ
ਜਿਵੇਂ ਲਿਫ਼ਾਫੇ ਰਹਿ ਜਾਂਦੇ ।

**-ਮੂਲ ਚੰਦ ਸ਼ਰਮਾ ਪ੍ਰਧਾਨ , ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ ।**
**9914836037**

ਚੇਅਰਮੈਨ ਢਿੱਲੋਂ ਦੇ ਧੂਰੀ ਹਲਕੇ ਦੇ ਸੰਗਠਨ ਇੰਚਾਰਜ ਬਣਨ 'ਤੇ

# ਬਲਾਕ ਪ੍ਰਧਾਨਾਂ ਨੇ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੈਂਪਸ ਇੰਚਾਰਜ ਸ,ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੂੰ ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਨੇ ਧੂਰੀ ਵਿਧਾਨ ਸਭਾ ਹਲਕੇ ਦਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਗਿਆ ਹੈ ।ਜਿਸ ਦੇ ਚੱਲਦਿਆ ਮੁੱਖ ਮੰਤਰੀ ਦੇ ਧੂਰੀ ਦਫਤਰ ਵਿਖੇ ਮਿਉਂਸਪਲ ਕਮੇਟੀ ਦੇ ਪ੍ਰਧਾਨ ਸੰਦੀਪ ਤਾਇਲ ਪੱਪੂ ਜੌਲੀ, ਨਸਾਂ ਮੁਕਤੀ ਯਾਤਰਾ ਦੇ ਹਲਕਾ ਕੋਆਰਡੀਨੇਟਰ ਰਛਪਾਲ ਸਿੰਘ ਭੁੱਲਰ, ਆਪ ਦੇ ਬਲਾਕ ਪ੍ਰਧਾਨ ਗਗਨ ਜਵੰਧਾ, ਬਲਾਕ ਪ੍ਰਧਾਨ ਗੁਰਤੇਜ ਸਿੰਘ ਤੇਜੀ,ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ, ਬਲਾਕ ਪ੍ਰਧਾਨ ਜਸਵਿੰਦਰ ਸਿੰਘ ਘਨੌਰ, ਬਲਾਕ ਪ੍ਰਧਾਨ ਮਿਲਖ ਰਾਜ, ਜਗਸੀਰ ਸਿੰਘ ਲੱਡਾ ਅਤੇ ਸਿੱਖਿਆ ਕ੍ਰਾਂਤੀ' ਦੇ ਕੋਆਰਡੀਨੇਟਰ ਦਰਸਨ ਸਿੰਘ ਪਾਠਕ,ਨਰੇਸ ਸਿੰਗਲਾ ਸਮੇਤ ਆਪ ਆਗੂਆਂ ਵੱਲੋਂ ਵਿਸੇਸ ਸਨਮਾਨ ਕੀਤਾ ਗਿਆ ।ਇਸ ਮੌਕੇ ਚੇਅਰਮੈਨ ਢਿੱਲੋ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਪਹਿਲਾਂ ਵੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਹਨਾਂ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਅਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ।

30 ਜੂਨ ਨੂੰ ਅਜ਼ਾਇਲ ਕੰਪਨੀ ਵੱਲੋਂ

# ਪਲੇਸੈਂਟ ਕੈਂਪ ਲਗਾਇਆ ਜਾਵੇਗਾ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਅਜ਼ਾਇਲ ਕੰਪਨੀ ਨਾਲ ਤਾਲਮੇਲ ਕਰਕੇ 30 ਜੂਨ ਦਿਨ ਸ਼ੁੱਕਰਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਰੋਜ਼ਗਾਰ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸ਼੍ਰੀਮਤੀ ਸਿੰਪੀ ਸਿੰਗਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੰਪਨੀ ਵੱਲੋਂ ਵੈਲਨੇਸ ਅਡਵਾਈਜਰ, ਅਸਿਸਟੈਂਟ ਮੈਨੇਜਰ (ਕੇਵਲ ਲੜਕੀਆਂ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 10ਵੀਂ,12ਵੀਂ ਅਤੇ ਗਰੈਜੂਏਸ਼ਨ ਪਾਸ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਉਮਰ 18 ਤੋਂ 26 ਸਾਲ ਹੋਣੀ ਚਾਹੀਦੀ ਹੈ।

ਚਾਹਵਾਨ ਅਤੇ ਯੋਗ ਪ੍ਰਾਰਥੀ ਬਾਇਓਡਾਟਾ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਦੇਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

ਮੁੱਛਾਂ ਨੂੰ ਤਾਅ ਦੇ ਕੇ ਭਗਵੰਤ ਮਾਨ ਨੂੰ ਚਾਇਲਜ ਕਰਨ ਵਾਲੇ ਬਿਕਰਮ ਸਿੰਘ ਮਜੀਠੀਆ ਦੀ ਡਰੱਗ ਮਾਮਲੇ 'ਚ ਹੋਈ ਗ੍ਰਿਫਤਾਰੀ ਤੋਂ ਬਾਅਦ

# ਸਰਕਾਰ ਵਿਰੋਧੀ ਚੀਕਾਂ ਮਾਰਨੀਆਂ ਬੰਦ ਕਰਨ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 27 ਜੂਨ ( ਕੁਲਵੰਤ ਸਿੰਘ ਵਿਰਦੀ )**-ਭਗਵੰਤ ਮਾਨ ਸਰਕਾਰ ਨੇ ਚੋਣ ਵਾਅਦਿਆਂ ਨੂੰ ਪੂਰਾ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਜਬਰਦਸਤ ਮੁਹਿੰਮ ਵਿੱਢੀ ਹੋਈ ਹੈ ਅਤੇ ਇਸ ਦਰਮਿਆਨ ਹਜ਼ਾਰਾਂ ਤੇ ਪਰਚੇ ਦਰਜ ਕੀਤੇ ਗਏ ਅਤੇ ਕਈ ਤਸਕਰਾਂ ਦੇ ਘਰ ਵੀ ਢਾਹੇ ਗਏ ਜਦੋਂ ਕਿ ਸਰਕਾਰ ਵਿਰੋਧੀ ਨੇਤਾ ਇਹ ਕਹਿ ਰਹੇ ਸਨ ਕਿ ਭਗਵੰਤ ਮਾਨ ਸਰਕਾਰ ਛੋਟੀਆਂ ਮੱਛੀਆਂ ਨੂੰ ਫੜ ਕੇ ਲੋਕਾਂ ਨੂੰ ਬੇਵਕੂਫ ਬਣਾ ਰਹੀ ਹੈ, ਵੱਡੇ ਮਗਰਮੱਛਾਂ ਨੂੰ ਫੜਨ ਦੀ ਕੋਸ਼ਿਸ਼ ਨਹੀਂ ਕਰਦੀ, ਸਰਕਾਰ ਨੇ ਇੰਨ੍ਹਾਂ ਵਿਰੋਧੀਆਂ ਮੁਤਾਬਕ ਹੁਣ ਨਸਿਆਂ ਦੇ ਵੱਡੇ ਸੁਧਾਗਰ ਸ੍ਰ ਬਿਕਰਮ ਸਿੰਘ ਮਜੀਠੀਆ ਸਾਬਕਾ ਅਕਾਲੀ ਮੰਤਰੀ ਨੂੰ ਜਦੋਂ ਡਰੱਗ ਤੇ ਮਨੀ ਲਾਡਰਿੰਗ ਕੇਸ ਵਿੱਚ ਗਿਰਫ਼ਤਾਰ ਕੀਤਾ ਤੇ ਸੱਤ ਦਿਨ ਪੁਲਿਸ ਰਿਮਾਂਡ ਦੇ ਦਿੱਤਾ ਹੈ ਤਾਂ ਸਰਕਾਰ ਵਿਰੋਧੀ ਲੀਡਰ ਹੁਣ ਚੀਕਾਂ ਮਾਰ ਰਹੇ ਹਨ ਅਖੇ ਜੀ ਭਗਵੰਤ ਮਾਨ ਸਰਕਾਰ ਬਦਲਾ ਖੋਰੀ ਦੀ ਭਾਵਨਾ ਨੂੰ ਮੁੱਖ ਰੱਖਦਿਆਂ ਬਿਕਰਮ ਸਿੰਘ ਮਜੀਠੀਆ ਨੂੰ ਡਰੱਗ ਮਾਮਲੇ ਵਿੱਚ ਗਿਰਫ਼ਤਾਰ ਕਰ ਰਹੀ ਹੈ, ਦਾਤਰੀ ਦੇ ਇੱਕ ਪਾਸੇ ਦੰਦੇ ਹੁੰਦੇ ਹਨ ਪਰ ਇਨ੍ਹਾਂ ਲੀਡਰਾਂ ਦੇ ਦੇ ਦੋਹੇਂ ਪਾਸੇ ਕਿਉਂਕਿ ਇਹ ਰੋਲ਼ੀ ਪਾਉਣ ਵਾਲੇ ਸਾਰੇ ਚੋਰ ਹਨ ਅਤੇ ਲੋਕਾਂ ਨੂੰ ਬੇਵਕੂਫ ਬਣਾ ਰਹੇ ਹਨ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਡਰੱਗ ਮਾਮਲੇ ਵਿੱਚ ਗਿਰਫ਼ਤਾਰ ਕਰਨ ਦੀ ਜੋਰ ਦਾਰ ਸ਼ਬਦਾਂ ਵਿਚ ਸ਼ਲਾਘਾ ਅਤੇ ਇਸ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਵਧੀਆ ਫੈਸਲਾ ਮੰਨਦੀ ਹੋਈ ਸਰਕਾਰ ਵਿਰੋਧੀਆਂ ਨੂੰ ਜਵਾਬ ਪੁੱਛਦੀ ਹੈ ਕਿ ਤੁਸੀਂ ਤਾਂ ਕਹਿੰਦੇ ਸੀ ਭਗਵੰਤ ਮਾਨ ਸਰਕਾਰ ਛੋਟੇ ਮਗਰਮੱਛਾਂ ਨੂੰ ਫੜ ਰਹੀ ਹੈ ਵੱਡਿਆਂ ਨੂੰ ਹੱਥ ਨਹੀਂ ਪਾਉਂਦੀ ? ਪਰ ਹੁਣ ਜਦੋਂ ਸਰਕਾਰ ਵੱਡੇ ਮਗਰਮੱਛ ਨੂੰ ਫੜ ਕੇ ਸੱਤ ਦਿਨ ਪੁਲਿਸ ਰਿਮਾਂਡ ਹਾਸਲ ਕਰ ਲਿਆ ਹੈ ਤਾਂ ਚੀਕਾਂ ਕਿਉਂ ਮਾਰ ਰਹੇ ਹੋ ਹੁਣ ਸਰਕਾਰ ਨੂੰ ਆਪਣੀ ਕਾਰਵਾਈ ਕਰਨ ਦਿਉਂ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਬਿਕਰਮ ਸਿੰਘ ਮਜੀਠੀਆ ਨੂੰ ਡਰੱਗ ਮਾਮਲੇ ਵਿੱਚ ਗਿਰਫ਼ਤਾਰ ਕਰਨ ਦੀ ਸ਼ਲਾਘਾ ਅਤੇ ਸਰਕਾਰ ਵਿਰੋਧੀਆਂ ਵਲੋਂ ਰੌਲਾ ਪਾਉਣ ਵਾਲੀ ਨੀਤੀ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਕਿਹਾ ਵਿਜੀਲੈਂਸ ਨੂੰ ਮਜੀਠੀਆ ਦਾ ਸੱਤ ਦਿਨ ਪੁਲਿਸ ਰਿਮਾਂਡ ਮਿਲ ਗਿਆ ਹੈ ਅਤੇ ਅਕਾਲੀ ਵਰਕਰਾਂ ਵੱਲੋਂ ਜਾਂਚ ਪੜਤਾਲ ਵਿਚ ਵਿਗਨ ਪਾਉਣ ਦਾ ਯਤਨ ਕੀਤਾ ਜਾ ਰਿਹਾ ਹੈ ਜੋਂ ਕੇ ਬਹੁਤ ਹੀ ਨਿੰਦਣਯੋਗ ਵਰਤਾਰਾ ਹੈ ਭਾਵੇਂ ਕਿ ਪੁਲਿਸ ਇਸ ਸਬੰਧੀ ਬਿਕਰਮ ਸਿੰਘ ਮਜੀਠੀਆ ਤੇ ਇੱਕ ਹੋਰ ਪ੍ਰਚਾ ਦਰਜ਼ ਕਰ ਲਿਆ ਹੈ, ਭਾਈ ਖਾਲਸਾ ਨੇ ਦੱਸਿਆ ਕਿ ਮਜੀਠੀਆ ਦੀ ਧਰਮਪਤਨੀ ਦਾ ਵੀ ਪਰਚੇ ਵਿਚ ਨਾਮ ਦਰਜ਼ ਹੈ, ਅਰਸ਼ਦੀਪ ਸਿੰਘ ਕਲੇਰ ਦਾ ਕਹਿਣਾ ਹੈ ਕਿ ਸਰਕਾਰ ਨੇ ਪੰਜਾਬ 'ਚ ਅਣਐਲਾਨੀ ਅਮਰਜੈਨਸੀ ਲਾ ਰੱਖੀ ਹੈ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਬਿਕਰਮ ਸਿੰਘ ਮਜੀਠੀਆ ਦੀ ਕੋਠੀ ਦੀ ਤਲਾਸ਼ੀ ਲੈਣ ਸਮੇਂ ਅਕਾਲੀ ਵਰਕਰਾਂ ਵੱਲੋਂ ਧੱਕਾ ਮੁੱਕੀ ਕਰਨੀ ਤੇ ਜਾਂਚ ਤੋਂ ਰੋਕਣਾ ਸਿੱਧੀ ਧੱਕੇਸਾਹੀ ਤੇ ਗੈਰ ਕਾਨੂੰਨੀ ਨਿੰਦਣਯੋਗ ਵਰਤਾਰਾ ਹੈ ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸਰਕਾਰ ਵੱਲੋਂ ਡਰੱਗ ਮਾਮਲੇ ਦੇ ਵੱਡੇ ਮਗਰਮੱਛ ਸ੍ਰ ਬਿਕਰਮ ਸਿੰਘ ਮਜੀਠੀਆ ਨੂੰ ਡਰੱਗ ਮਾਮਲੇ ਵਿੱਚ ਗਿਰਫ਼ਤਾਰ ਕਰਨ ਦੀ ਜਿਥੇ ਸ਼ਲਾਘਾ ਕਰਦੀ ਹੋਈ ਸਰਕਾਰ ਵਿਰੋਧੀਆਂ ਨੂੰ ਚੇਤਾਵਨੀ ਦਿੰਦੀ ਹੈ ਕਿ ਹੁਣ ਚੀਕਾਂ ਮਾਰਨੀਆਂ ਬੰਦ ਕਰੋ ,ਉਥੇ ਸਰਕਾਰ ਤੋਂ ਮੰਗ ਕਰਦੀ ਹੈ ਕਿ ਡਰੱਗ ਮਾਮਲੇ ਵਿੱਚ ਵੱਡੇ ਤੋਂ ਵੱਡੇ ਸਰਕਾਰੀ ਗੈਰ ਸਰਕਾਰੀ ਆਹੁਦੇ ਦਾਰ ਨੂੰ ਬਖਸ਼ਿਆ ਨਾਂ ਜਾਵੇ ਅਤੇ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਹੀ ਮਾਨ ਸਰਕਾਰ ਦਾ ਲੋਕਾਂ ਨਾਲ ਚੋਣਾਂ ਤੋਂ ਪਹਿਲਾਂ ਕੀਤਾਂ ਵਾਹਦਾ ਪੂਰਾ ਹੋ ਸਕਦਾ ਹੈ ਅਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਇਆ ਜਾ ਸਕਦਾ ਹੈ, ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਏਆਈਐਸਐਸਐਫ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਰਛਪਾਲ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਰਵਿੰਦਰ ਸਿੰਘ ਟੁੱਟਕਲਾ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਸੁਰਿੰਦਰ ਸਿੰਘ ਆਦਮਪੁਰ ਜਲੰਧਰ ਭਾਈ ਵਿਕਰਮ ਸਿੰਘ ਪੰਡੋਰੀ ਨਿੱਝਰ ਆਦਿ ਆਗੂ ਹਾਜਰ ਸਨ।



# ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਵਿਖੇ ਲੋੜਵੰਦ ਬੇਟੀ ਦਾ ਵਿਆਹ ਆਨੰਦ ਕਾਰਜ ਕੀਤਾ ਗਿਆ

## ਦਸਵੰਧ ਗਰੀਬ ਦਾ ਮੂੰਹ ਦੇ ਹੁਕਮ ਨੂੰ ਮੰਨਦਿਆਂ ਹੋਇਆ ਲੋੜਵੰਦਾਂ ਦੀ ਮੱਦਦ ਕਰੋ ਬਾਬਾ ਸੁੱਖਾ ਸਿੰਘ





**ਜੰਡਿਆਲਾ ਗੁਰੂ, 27 ਜੂਨ ( ਕੁਲਵੰਤ ਸਿੰਘ ਵਿਰਦੀ )**-ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਸੇਵਕ ਕਉ ਸੇਵਾ ਬਨਿ ਆਈ ਹੁਕਮੁ ਬੂਝਿ ਪਰਮ ਪਦੁ ਪਾਈ ਨੂੰ ਸਮਰਪਿਤ ਸੰਗਤਾਂ ਅਤੇ ਨੌਜਵਾਨਾਂ ਦੇ ਸਹਿਯੋਗ ਨਾਲ ਲੋੜਵੰਦ ਪ੍ਰੀਵਾਰ ਦੀ ਬੇਟੀ ਦਾ ਵਿਆਹ ਆਨੰਦ ਕਾਰਜ ਗੁਰਮਰਿਯਾਦਾ ਅਨੁਸਾਰ ਕਰਵਾਇਆ ਗਿਆ ਅਤੇ ਵਿਆਹਣ ਆਏ ਬਰਾਤੀਆਂ ਨੂੰ ਅਤੇ ਸਮੂਹ ਰਿਸਤੇਦਾਰਾਂ ਸਾਕ ਸੰਬੰਧੀਆਂ ਨੂੰ ਬਾਬਾ ਸੁੱਖਾ ਸਿੰਘ ਜੀ ਨੇ ਜੀ ਆਇਆ ਆਖਿਆ ਅਤੇ ਆਨੰਦ ਕਾਰਜ ਲਾਵਾਂ ਤੋਂ ਉਪਰੰਤ ਵਿਆਹ ਵਾਲੀ ਜੋੜੀ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕਿ ਸਨਮਾਨ ਦਿੱਤਾ ਗਿਆ ਅਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਉਪਰੰਤ ਗਰਮ ਠੰਡੇ ਜਲ ਅਤੇ ਵੱਖ-ਵੱਖ ਪਦਾਰਥ ਛਕਾਏ ਗਏ ਅਤੇ ਇਸ ਮੌਕੇ ਗੱਲਬਾਤ ਦੌਰਾਨ ਬਾਬਾ ਸੁੱਖਾ ਸਿੰਘ ਜੀ ਨੇ ਸੰਗਤਾਂ ਨੂੰ ਬੇਨਤੀ ਕਰਦਿਆਂ ਹੋਇਆ ਕਿਹਾ ਕਿ ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਸੰਗਤਾਂ ਆਪਣੀ ਮੇਹਨਤ ਦੀ ਕਿਰਤ ਕਮਾਈ ਨੂੰ ਸਫਲ ਬਣਾਉਣ ਲਈ ਆਪਣੇ ਆਸ ਪਾਸ ਜਾਂ ਜਿੱਥੇ ਵੀ ਲੋੜਵੰਦ ਪ੍ਰੀਵਾਰ ਨਜ਼ਰ ਆਉਂਦਾ ਹੈ ਉਨਾਂ ਪ੍ਰੀਵਾਰਾਂ ਦੀ ਜਰੂਰ ਸਾਰ ਲੈਣ ਅਤੇ ਆਪਣੀ ਕਮਾਈ ਦਾ ਕੁੱਝ ਹਿੱਸਾ ਲੋੜਵੰਦ ਪ੍ਰੀਵਾਰਾਂ ਉਪਰ ਖਰਚ ਕਰਕੇ ਗੁਰੂ ਸਾਹਿਬ ਜੀ ਵੱਲੋਂ ਕੀਤੇ ਗਏ ਕਮਾਈ ਦਸਵੰਧ ਦੇ ਹੁਕਮ ਨੂੰ ਮੰਨਦਿਆਂ ਹੋਇਆਂ ਗੁਰੂ ਸਾਹਿਬ ਜੀ ਦੀਆਂ ਖੁਸੀਆਂ ਪ੍ਰਾਪਤ ਕਰਨ !

# ਜਨਮ ਦਿਨ ਮੁਬਾਰਕ

ਦਮਦਮੀ ਟਕਸਾਲ ਦੇ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਮਿਹਰ ਸੱਦਕਾ ਅੱਜ ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਜੀ ਦੇ ਜਨਮ ਦਿਨ ਦੀਆਂ ਦੇਸਾਂ ਵਿਦੇਸਾਂ ਅਤੇ ਜਥੇ ਸਿੰਘਾ ਵੱਲੋਂ ਲੱਖ ਲੱਖ ਵਧਾਈਆ ਹੋਣ।
( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)



ਸ. ਸੁਖਬੀਰ ਸਿੰਘ ਬਾਦਲ ਵੱਲੋਂ

# ਸ਼੍ਰੋਮਣੀ ਅਕਾਲੀ ਦਲ ਦੇ ਅਹੁਦੇਦਾਰਾਂ ਅਤੇ ਕੋਰ ਕਮੇਟੀ ਦਾ ਐਲਾਨ

☛ ਸ. ਬਲਵਿੰਦਰ ਸਿੰਘ ਭੂੰਦੜ ਪਾਰਟੀ ਦੇ ਸਕੱਤਰ ਜਨਰਲ, ਡਾ. ਦਲਜੀਤ ਸਿੰਘ ਚੀਮਾ ਸਕੱਤਰ ਅਤੇ ਸ਼੍ਰੀ ਐਨ.ਕੇ.ਸ਼ਰਮਾ ਖਜਾਨਚੀ ਬਣਾਏ ਗਏ ☛ ਸ. ਸਰਬਜੀਤ ਸਿੰਘ ਝਿੰਜਰ ਯੂਥ ਵਿੰਗ ਦੇ ਪ੍ਰਧਾਨ, ਬੀਬੀ ਹਰਗੋਬਿੰਦ ਕੌਰ ਇਸਤਰੀ ਅਕਾਲੀ ਦਲ ਦੇ ਪ੍ਰਧਾਨ ਅਤੇ ਸ. ਰਣਬੀਰ ਸਿੰਘ ਰਾਣਾ ਐਸ.ਓ.ਆਈ ਦੇ ਪ੍ਰਧਾਨ ਨਿਯੁਕਤ ☛ 31 ਮੈਬਰੀ ਕੋਰ ਕਮੇਟੀ ਦਾ ਐਲਾਨ। 5 ਐਕਸ ਆਫੀਸੀਓ ਮੈਂਬਰ ਵੀ ਬਣਾਏ ਗਏ



**ਚੰਡੀਗੜ੍ਹ 27 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਦੀ ਸ਼ੁਰੂਆਤ ਕਰਦਿਆਂ ਅੱਜ ਪਾਰਟੀ ਅਹੁਦੇਦਾਰਾਂ ਦੀ ਪਹਿਲੀ ਸੂਚੀ ਅਤੇ ਕੋਰ ਕਮੇਟੀ ਦਾ ਐਲਾਨ ਕੀਤਾ। ਅੱਜ ਐਲਾਨੇ ਗਏ ਅਹੁਦੇਦਾਰਾਂ ਵਿੱਚ ਸ. ਬਲਵਿੰਦਰ ਸਿੰਘ ਭੂੰਦੜ ਪਾਰਟੀ ਦੇ ਸਕੱਤਰ ਜਨਰਲ, ਡਾ. ਦਲਜੀਤ ਸਿੰਘ ਚੀਮਾ ਸਕੱਤਰ ਅਤੇ ਸ਼੍ਰੀ ਐਨ.ਕੇ. ਸ਼ਰਮਾ ਖਜਾਨਚੀ ਬਣਾਏ ਗਏ। ਇਸ ਦੇ ਨਾਲ ਹੀ ਸ. ਸਰਬਜੀਤ ਸਿੰਘ ਝਿੰਜਰ ਨੂੰ ਯੂਥ ਵਿੰਗ, ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ, ਬੀਬੀ ਹਰਗੋਬਿੰਦ ਕੌਰ ਨੂੰ ਇਸਤਰੀ ਅਕਾਲੀ ਦਲ ਦਾ ਪ੍ਰਧਾਨ ਅਤੇ ਸ. ਰਣਬੀਰ ਸਿੰਘ ਰਾਣਾ ਢਿੱਲੋਂ ਨੂੰ ਐਸ.ਓ.ਆਈ ਦਾ ਪ੍ਰਧਾਨ ਬਣਾਇਆ ਗਿਆ।

ਅੱਜ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਐਲਾਨੀ ਗਈ ਕੋਰ ਕਮੇਟੀ ਜਿਸ ਵਿੱਚ ਪਾਰਟੀ ਦੇ 31 ਸੀਨੀਅਰ ਆਗੂਆਂ ਨੂੰ ਸ਼ਾਮਲ ਕੀਤਾ ਗਿਆ ਉਹਨਾਂ ਵਿੱਚ ਸ. ਬਲਵਿੰਦਰ ਸਿੰਘ ਭੂੰਦੜ, ਸ. ਹਰਜਿੰਦਰ ਸਿੰਘ ਧਾਮੀ, ਸ਼੍ਰੀ ਨਰੇਸ਼ ਗੁਜਰਾਲ, ਸ. ਪਰਮਜੀਤ ਸਿੰਘ ਸਰਨਾ, ਸ. ਹੀਰਾ ਸਿੰਘ ਗਾਬੜੀਆ, ਸ. ਗੁਲਜ਼ਾਰ ਸਿੰਘ ਰਾਣੀਕੇ, ਸ. ਮਹੇਸ਼ਇੰਦਰ ਸਿੰਘ ਗਰੇਵਾਲ, ਡਾ. ਦਲਜੀਤ ਸਿੰਘ ਚੀਮਾ, ਸ. ਜਨਮੇਜਾ ਸਿੰਘ ਸੇਖੋਂ, ਸ. ਸਿਕੰਦਰ ਸਿੰਘ ਮਲੂਕਾ, ਬੀਬਾ ਹਰਸਿਮਰਤ ਕੌਰ ਬਾਦਲ, ਸ. ਮਨਜੀਤ ਸਿੰਘ ਜੀ.ਕੇ, ਸ. ਸ਼ਰਨਜੀਤ ਸਿੰਘ ਢਿੱਲੋਂ, ਸ. ਬਿਕਰਮ ਸਿੰਘ ਮਜੀਠੀਆ, ਸ. ਸੁੱਚਾ ਸਿੰਘ ਲੰਗਾਹ, ਸ. ਗੁਰਬਚਨ ਸਿੰਘ ਬੱਬੇਹਾਲੀ, ਸ. ਲਖਬੀਰ ਸਿੰਘ ਲੋਧੀਨੰਗਲ, ਸ਼੍ਰੀ ਐਨ.ਕੇ.ਸ਼ਰਮਾ, ਸ. ਮਨਤਾਰ ਸਿੰਘ ਬਰਾੜ, ਸ. ਬਲਦੇਵ ਸਿੰਘ ਖਹਿਰਾ, ਸ਼੍ਰੀ ਐਸ. ਆਰ. ਕਲੇਰ, ਸ. ਜੋਗਿੰਦਰ ਸਿੰਘ ਜਿੰਦੂ, ਸ. ਤੀਰਥ ਸਿੰਘ ਮਾਹਲਾ, ਸ. ਰਣਜੀਤ ਸਿੰਘ ਢਿੱਲੋਂ, ਸ. ਵਰਦੇਵ ਸਿੰਘ ਮਾਨ, ਸ. ਗੁਰਪ੍ਰੀਤ ਸਿੰਘ ਰਾਜੂਖੰਨਾ, ਸ਼੍ਰੀ ਕਮਲ ਚੇਤਲੀ, ਸ. ਹਰਪ੍ਰੀਤ ਸਿੰਘ ਕੋਟਭਾਈ, ਸ. ਸੁਖਦੀਪ ਸਿੰਘ ਸੁਕਾਰ ਅਤੇ ਸ. ਦਰਬਾਰਾ ਸਿੰਘ ਗੁਰੂ ਦੇ ਨਾਮ ਸ਼ਾਮਲ ਹਨ। ਉਪਰੋਕਤ ਤੋਂ ਇਲਾਵਾ ਹੇਠ ਲਿਖੇ 5 ਸੀਨੀਅਰ ਨੇਤਾਵਾਂ ਨੂੰ ਕੋਰ ਕਮੇਟੀ ਦਾ ਐਕਸ ਆਫੀਸ਼ੀਓ ਮੈਂਬਰ ਬਣਾਇਆ ਗਿਆ ਹੈ ਜਿਹਨਾਂ ਵਿੱਚ ਮੀਡੀਆ ਹੈਡ ਸ. ਹਰਚਰਨ ਸਿੰਘ ਬੈਂਸ, ਯੂਥ ਅਕਾਲੀ ਦਲ ਦੇ ਪ੍ਰਧਾਨ ਸ. ਸਰਬਜੀਤ ਸਿੰਘ ਝਿੰਜਰ, ਇਸਤਰੀ ਅਕਾਲੀ ਦਲ ਦੀ ਪ੍ਰਧਾਨ ਬੀਬੀ ਹਰਗੋਬਿੰਦ ਕੌਰ, ਐਸ.ਓ.ਆਈ ਦੇ ਪ੍ਰਧਾਨ ਸ. ਰਣਬੀਰ ਸਿੰਘ ਰਾਣਾ ਢਿੱਲੋਂ ਅਤੇ ਪਾਰਟੀ ਦੇ ਮੁੱਖ ਬੁਲਾਰੇ ਸ. ਅਰਸ਼ਦੀਪ ਸਿੰਘ ਕਲੇਰ ਨੂੰ ਸ਼ਾਮਲ ਕੀਤਾ ਗਿਆ ਹੈ।

ਭਾਈ ਲੱਖੀ ਸ਼ਾਹ ਵਣਜਾਰਾ ਹਾਲ ਦੀ ਤਰਜ਼ ’ਤੇ

# ਗੁਰਦੁਆਰਾ ਮਾਤਾ ਸੁੰਦਰੀ ਕੰਪਲੈਕਸ ਵਿਚ ਬਣੇਗਾ ਏਅਰ ਕੰਡੀਸ਼ਨਰ ਹਾਲ

ਨਵੀਂ ਦਿੱਲੀ, 27 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਫੈਸਲਾ ਕੀਤਾ ਹੈ ਕਿ ਸੰਗਤ ਦੀ ਮੰਗ ’ਤੇ ਗੁਰਦੁਆਰਾ ਮਾਤਾ ਸੁੰਦਰੀ ਕੰਪਲੈਕਸ ਵਿਖੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਦੀ ਤਰਜ਼ ’ਤੇ ਇਕ ਵਿਸ਼ਾਲ ਏਅਰ ਕੰਡੀਸ਼ਨਲ ਹਾਲ ਤਿਆਰ ਕੀਤਾ ਜਾਵੇਗਾ। ਇਹ ਪ੍ਰਗਟਾਵਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ, ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਇਸ ਹਾਲ ਦਾ ਯਮੁਨਾ ਪਾਰ ਦੀ ਸੰਗਤ ਨੂੰ ਵੱਡਾ ਲਾਭ ਮਿਲੇਗਾ। ਉਹਨਾਂ ਦੱਸਿਆ ਕਿ ਦਿੱਲੀ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਕਾਰ ਸੇਵਾ ਪੰਥ ਰਤਨ ਬਾਬਾ ਹਰਬੰਸ ਸਿੰਘ ਜੀ ਵਲੋਂ ਵਰੋਸਾਏ ਬਾਬਾ ਬਚਨ ਸਿੰਘ ਜੀ, ਬਾਬਾ ਸੁਰਿੰਦਰ ਸਿੰਘ ਜੀ ਅਤੇ ਬਾਬਾ ਸਤਨਾਮ ਸਿੰਘ ਜੀ ਤੇ ਹੋਰ ਮਹਾਂਪੁਰਖ ਸੰਭਾਲਦੇ ਹਨ। ਇਸ ਕਾਰ ਸੇਵਾ ਵਾਸਤੇ ਅੱਜ ਸੰਗਤ ਵੱਲੋਂ ਦਿੱਤਾ ਗਿਆ ਸੋਨਾ ਤੇ ਚਾਂਦੀ ਅਸੀਂ ਬਾਬਾ ਜੀ ਦੇ ਸਪੁਰਦ ਕੀਤੇ ਹਨ। ਉਹਨਾਂ ਦੱਸਿਆ ਕਿ ਅੱਜ 4 ਕਿਲੋ 153 ਗ੍ਰਾਮ ਤੇ 313 ਮਿਲੀਗ੍ਰਾਮ ਸੋਨਾ ਅਤੇ 12 ਕਿਲੋ 86 ਗ੍ਰਾਮ ਤੇ 91 ਮਿਲੀਗ੍ਰਾਮ ਚਾਂਦੀ ਬਾਬਾ ਜੀ ਦੇ ਸੁਪਰਦ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ 14 ਮਾਰਚ 2023 ਨੂੰ ਸੋਨਾ ਤੇ ਚਾਂਦੀ ਅਸੀਂ ਦਿੱਤੀ ਸੀ। ਹੁਣ 15 ਮਾਰਚ 2023 ਤੋਂ 26 ਜੂਨ 2025 ਤੱਕ ਸੋਨਾ ਚਾਂਦੀ ਜਾਂ ਕੋਈ ਹੋਰ ਕੀਮਤੀ ਚੀਜ਼ ਜੋ ਵੀ ਨਿਕਲਦੀ ਹੈ, ਉਸਦਾ ਪੂਰਾ ਰਿਕਾਰਡ ਰੱਖਿਆ ਜਾਂਦਾ ਹੈ, ਉਹ ਬਾਬਾ ਜੀ ਨੂੰ ਸੌਂਪੇ ਹਨ। ਉਹਨਾਂ ਦੱਸਿਆ ਕਿ ਇਸ ਵੇਲੇ ਕਮੇਟੀ ਵੱਲੋਂ ਜੋ ਬਾਲਾ ਸਾਹਿਬ ਹਸਪਤਾਲ ਸ਼ੁਰੂ ਕੀਤਾ ਗਿਆ ਹੈ, ਉਸਦੇ ਅਗਲੇ ਪੜਾਅ ਦੀ ਸੇਵਾ ਹੋਣੀ ਹੈ। ਉਸ ਤੋਂ ਇਲਾਵਾ ਗੁਰਮਤਿ ਕਾਲਜ ਦੀ ਮਲਟੀ ਸਟੋਰੀ ਬਿਲਡਿੰਗ, ਮਾਤਾ ਸੁੰਦਰੀ ਗਰਲਜ਼ ਹੋਸਟਲ ਤੇ 125 ਸਟਾਫ ਕੁਆਰਟਰ ਬਣਾਉਣ ਦੀ ਸੇਵਾ ਚਲ ਰਹੀ ਹੈ। ਇਸਦੇ ਨਾਲ ਹੀ ਗੁਰਮਤਿ ਵਿਦਿਆਲਿਆ ਦੀ ਮਲਟੀ ਸਟੋਰੀ ਇਮਾਰਤ ਦੀ ਸੇਵਾ ਚਲ ਰਹੀ ਹੈ। ਉਹਨਾਂ ਦੱਸਿਆ ਕਿ ਬਾਕੀ ਕਾਰਜ ਵੱਖਰੇ ਤੌਰ ’ਤੇ ਚਲ ਰਹੇ ਹਨ।



# ਰੁੱਖ ਹੈ ਤਾਂ ਮਨੁੱਖ ਹੈ ਨਹੀਂ ਤਾਂ ਹਸਪਤਾਲਾਂ ਦੀਆਂ ਬੀਮਾਰੀਆਂ ਤੇ ਸਰੀਰਕ ਦੁੱਖ ਹੈ

## ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਆਪਣੇ ਪਿੰਡ ਜੱਬੋਵਾਲ ਤੋਂ ਰੁੱਖ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ



**ਜੰਡਿਆਲਾ ਗੁਰੂ, 27 ਜੂਨ ( ਕੁਲਵੰਤ ਸਿੰਘ ਵਿਰਦੀ )**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਹਰੇਕ ਰੁਤ ਅਤੇ ਰੁਖਾਂ ਦੀ ਮਹੱਤਤਾ ਦਰਸਾਈ ਗਈ ਹੈ ਸਾਨੂੰ ਵੀ ਆਪਣੇ ਜੀਵਨ ਨੂੰ ਖੁਸ਼ਹਾਲ ਬਣਾਉਣ ਲਈ ਉਸੇ ਤਰ੍ਹਾਂ ਦੇ ਰੁਖ ਲਗਾਉਣੇ ਚਾਹੀਦੇ ਹਨ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਹੋਇਆ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਕੁਲਦੀਪ ਸਿੰਘ ਗੜਗਜ ਨੇ ਆਪਣੇ ਪਿੰਡ ਜੱਬੋਵਾਲ ਤੋਂ ਰੁੱਖ ਲਗਾਉਣ ਦੀ ਮੁਹਿੰਮ ਦੀ ਸ਼ੁਰੂ ਕਰਦੇ ਸਮੇਂ ਬੋਲਦਿਆਂ ਕਿਹਾ ਕਿ ਰੁਖ ਤੋਂ ਬਿਨਾਂ ਮਨੁੱਖ ਜੀਵਨ ਨਹੀਂ ਹੈ। ਮੌਨਸੂਨ ਦੀ ਰੁਤ ਵੇਲੇ ਰੁੱਖ ਲਗਾਉਣ ਦਾ ਠੀਕ ਸਮਾਂ ਹੈ। ਸਾਨੂੰ ਸਾਰਿਆਂ ਨੂੰ ਵੱਡੇ ਪੱਧਰ ਤੇ ਰੁੱਖ ਲਗਾਉਣ ਦੀ ਮੁਹਿੰਮ ਸ਼ੁਰੂ ਕਰਨੀ ਚਾਹੀਦੀ ਹੈ। ਇਸ ਦੇ ਨਾਲ ਪ੍ਰਸ਼ਾਸ਼ਨ ਨੂੰ ਵੀ ਕਿਹਾ ਕਿ ਸੜਕਾਂ ਦੇ ਕਿਨਾਰੇ ਲਗਾਏ ਗਏ ਰੁੱਖਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ। ਜੋ ਪਸ਼ੂਆਂ ਦੇ ਝੁੰਡ ਲੈ ਕੇ ਰੁੱਖਾਂ ਦਾ ਉਜਾੜਾ ਕਰਦੇ ਹਨ ਉਹਨਾਂ ਵਿਰੁਧ ਸਖਤ ਕਾਰਵਾਈ ਕੀਤੀ ਜਾਵੇ। ਪਿੰਡ ਜੱਬੋਵਾਲ ਦੇ ਸ਼ਮਸ਼ਾਨ ਘਾਟ ਵਿੱਚ ਰੁੱਖ ਲਗਾਉਣ ਦੀ ਮੁਹਿੰਮ ਦੀ ਸ਼ੁਰੂ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗਜ ਨੇ ਕਿਹਾ ਕਿ ਸਾਨੂੰ ਆਪਣੇ ਪੁਰਾਣੇ ਰਵਾਇਤੀ ਰੁੱਖ ਅਤੇ ਫਲਦਾਰ ਰੁੱਖ ਬੂਟੇ ਹੀ ਲਗਾਉਣੇ ਚਾਹੀਦੇ ਹਨ। ਜੋ ਜਮੀਨੀ ਪਾਣੀ ਦੀ ਜਿਆਦਾ ਖਪਤ ਕਰਦੇ ਹਨ ਉਹ ਰੁੱਖ ਨਹੀਂ ਲਗਾਉਣੇ ਚਾਹੀਦੇ। ਰੁੱਖ ਲਗਾਉਣ ਦੇ ਨਾਲ ਉਹਨਾਂ ਦੀ ਸੰਭਾਲ ਵੀ ਕਰਨੀ ਜਿਆਦਾ ਜਰੂਰੀ ਹੈ। ਪਿੰਡ ਜੱਬੋਵਾਲ ਦੀ ਪੰਚਾਇਤ ਵੱਲੋਂ ਲੋਕਾਂ ਨੂੰ ਹਰ ਤਰ੍ਹਾਂ ਦੇ ਰੁੱਖ ਫਲਦਾਰ ਬੂਟੇ ਮੁਫਤ ਦਿੱਤੇ ਜਾਣਗੇ। ਇਸ ਸਮੇਂ ਪ੍ਰਮੁੱਖ ਆਗੂ ਸਰਪੰਚ ਦਵਿੰਦਰ ਸਿੰਘ ਮੰਨੂ, ਅੰਗਰੇਜ ਸਿੰਘ ਮੈਂਬਰ, ਗੁਰਿੰਦਰ ਸਿੰਘ ਖਾਸਾ, ਜਥੇਦਾਰ ਪ੍ਰੀਤਮ ਸਿੰਘ, ਜਸਬੀਰ ਸਿੰਘ ਸੈਕਟਰੀ, ਦਿਲਬਾਗ ਸਿੰਘ, ਜਸਪਾਲ ਸਿੰਘ, ਗੁਰਭੇਜ ਸਿੰਘ, ਨਵਰਾਜ ਸਿੰਘ, ਫਰਿਆਦ ਸਿੰਘ, ਜੋਗਿੰਦਰ ਸਿੰਘ ਭਿੰਡਰ, ਗੁਰਮੇਜ ਸਿੰਘ ਔਜਲਾ, ਸਰਦੂਲ ਸਿੰਘ, ਬੱਬੂ ਪ੍ਰਧਾਨ ਆਦਿ ਹਾਜਰ ਸਨ।

# ਠਠਿਆਰਾਂ ਵਾਲੇ ਮੁਹੱਲੇ ਚੋਂ ਦਿਨ ਦਿਹਾੜੇ ਘਰ ਦੇ ਤਾਲੇ ਤੋੜ ਕਿ ਅਲਮਾਰੀ ਵਿੱਚੋਂ ਲੱਖਾਂ ਰੁਪਏ ਦੇ ਗਹਿਣੇ ਨਗਦੀ ਲੈਕੇ ਚੋਰ ਹੋਏ ਫਰਾਰ ਸੁਰੇਸ਼ ਕੁਮਾਰ

**ਜੰਡਿਆਲਾ ਗੁਰੂ, 27 ਜੂਨ ( ਕੁਲਵੰਤ ਸਿੰਘ ਵਿਰਦੀ )**-ਸੁਰੇਸ਼ ਕੁਮਾਰ ਪੁੱਤਰ ਕੇਵਲ ਕ੍ਰਿਸ਼ਨ ਮੁਹੱਲਾ ਗਲੀ ਕੈਪਟਨ ਮਹਿਲ ਸਿੰਘ ਬਾਜ਼ਾਰ ਠਠਿਆਰ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਅੱਜ ਅਸੀਂ ਸਾਰੇ ਘਰੋਂ ਕੰਮ ਤੇ ਗਏ ਸੀ ਅਤੇ ਘਰ ਨੂੰ ਤਾਲੇ ਲੱਗੇ ਹੋਏ ਸਨ ਅਤੇ ਦੁਪਹਿਰ ਨੂੰ ਘਰ ਦੇ ਤਾਲੇ ਤੋੜ ਕਿ ਅਣਪਛਾਤੇ ਚੋਰਾਂ ਵੱਲੋਂ ਅਲਮਾਰੀ ਦਾ ਲਾਕ ਤੋੜ ਕਿ ਚਾਰ ਪੰਜ ਲੱਖ ਰੁਪਏ ਦੇ ਗਹਿਣੇ, ਪੰਜਾਹ ਹਜਾਰ ਨਕਦ, ਬੈਂਕ ਦੇ ਏ ਟੀ ਐਮ ਆਦਿ ਲੈਕੇ ਫਰਾਰ ਹੋ ਗਏ ਹਨ । ਸੁਰੇਸ਼ ਕੁਮਾਰ ਨੇ ਦੱਸਿਆ ਕਿ ਸਾਡੀ ਗਲੀ ਦੇ ਨਾਲ ਹੀ ਗਲੀ ਚ ਰਹਿੰਦੇ ਦੋ ਲੜਕੇ ਪਹਿਲਾਂ ਵੀ ਕਾਫੀ ਚੋਰੀਆਂ ਕਰ ਚੁੱਕੇ ਹਨ ਅਤੇ ਸਾਨੂੰ ਸ਼ੱਕ ਹੈ ਇਹ ਕੰਮ ਵੀ ਓਹਨਾਂ ਨੇ ਹੀ ਕੀਤਾ ਹੋਵੇਗਾ ਅਤੇ ਓਹਨਾਂ ਕੋਲੋ ਗੰਭੀਰਤਾ ਨਾਲ ਪੁੱਛ ਪੜਤਾਲ ਕੀਤੀ ਜਾਵੇ । ਇਸ ਸਬੰਧੀ ਚੌਂਕੀ ਇੰਚਾਰਜ ਨਰੇਸ਼ ਕੁਮਾਰ ਨਾਲ ਗੱਲ ਕੀਤੀ ਗਈ ਤਾਂ ਓਹਨਾਂ ਕਿਹਾ ਕਿ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ ਅਤੇ ਜਲਦੀ ਹੀ ਪੁੱਛ ਪੜਤਾਲ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।






ਜਨਮ ਦਿਨ ਮੁਬਾਰਕ

ਅਲੀਸ਼ਾ ਅਨਸਾਰੀ
ਪਿਤਾ : ਅਸ਼ਰਫ ਅਨਸਾਰੀ
ਮਾਤਾ : ਆਈਸ਼ਾ ਅਨਸਾਰੀ
ਮਾਲੇਰਕੋਟਲਾ

"ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ" ਮੁਹਿੰਮ ਤਹਿਤ

# ਸਿਹਤ ਬਲਾਕ ਤਲਵੰਡੀ ਸਾਬੋ ਅਧੀਨ ਕੀਤੀਆਂ ਜਾਗਰੂਕਤਾ ਗਤੀਵਿਧੀਆਂ







**ਤਲਵੰਡੀ ਸਾਬੋ, 27 ਜੂਨ (ਗੁਰਜੰਟ ਸਿੰਘ ਨਥੇਹਾ)-** ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਮਾਨਯੋਗ ਸਿਵਲ ਸਰਜਨ ਬਠਿੰਡਾ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਦੀ ਯੋਗ ਅਗਵਾਈ ਹੇਠ ਡੇਂਗੂ ਮਲੇਰੀਏ ਦੀ ਰੋਕਥਾਮ ਸਬੰਧੀ ਲੋਕਾ ਨੂੰ ਜਾਗਰੂਕ ਕਰਨ ਲਈ ਘਰ-ਘਰ ਜਾ ਕੇ ਸਰਵੇ ਕੀਤੇ ਜਾ ਰਹੇ ਹਨ। ਇਸੇ ਲੜੀ ਘਰ-ਘਰ ਜਾ ਕੇ ਡੇਂਗੂ ਬਾਰੇ ਜਾਗਰੂਕ ਕੀਤਾ ਰਿਹਾ, ਡੇਂਗੂ ਦਾ ਲਾਰਵਾ ਚੈੱਕ ਕੀਤਾ ਜਾ ਰਿਹਾ ਅਤੇ ਲਾਰਵਾ ਨਸ਼ਟ ਕਰਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਨੇ ਕਿਹਾ ਕਿ ਡੇਂਗੂ ਅਤੇ ਮਲੇਰੀਏ ਵਰਗੇ ਬੁਖਾਰ ਤੋਂ ਬਚਣ ਲਈ ਸਾਨੂੰ ਆਪਣੇ ਆਲੇ ਦੁਆਲੇ ਮੱਛਰਾਂ ਦੀ ਪੈਦਾਇਸ ਨੂੰ ਰੋਕਣਾ ਪਏਗਾ, ਜੇਕਰ ਅਸੀਂ ਆਪਣੇ ਘਰਾਂ ਅਤੇ ਆਲੇ ਦੁਆਲੇ ਨੂੰ ਸਾਫ਼-ਸੁਥਰਾ ਰੱਖ ਕੇ ਮੱਛਰ ਹੀ ਨਾ ਪੈਦਾ ਹੋਣ ਦੇਈਏ ਤਾਂ ਅਸੀਂ ਆਪਣੇ ਆਪ ਨੂੰ ਅਤੇ ਆਂਢ-ਗੁਆਂਢ ਦਾ ਡੇਂਗੂ ਮਲੇਰੀਏ ਵਰਗੇ ਬੁਖਾਰਾਂ ਤੋਂ ਬਚਾਅ ਕਰ ਸਕਦੇ ਹਾਂ। ਉਹਨਾ ਕਿਹਾ ਕਿ ਸਾਨੂੰ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣ ਲਈ ਘਰਾਂ ਦੇ ਆਲੇ-ਦੁਆਲੇ ਜਾਂ ਗਲੀਆਂ ਵਿੱਚ ਛੋਟੇ ਟੋਇਆਂ ਵਿੱਚ ਪਾਣੀ ਇਕਠਾ ਨਾ ਹੋਣ ਦਿਤਾ ਆਵੇ ਇਹਨਾਂ ਨੂੰ ਮਿੱਟੀ ਨਾਲ ਭਰ ਦਿਤਾ ਜਾਵੇ ਜਾਂ ਖੜੇ ਪਾਣੀ ਵਿੱਚ ਕਾਲਾ ਮੱਚਿਆ ਹੋਇਆ ਤੇਲ ਪਾ ਕਿ ਮੱਛਰਾਂ ਦਾ ਲਾਰਵਾ ਖਤਮ ਕੀਤਾ ਜਾ ਸਕਦਾ ਹੈ ਅਤੇ ਛਪੜਾਂ ਆਦਿ ਵਿੱਚ ਸਿਹਤ ਵਿਭਾਗ ਦੇ ਸਹਿਯੋਗ ਨਾਲ ਗੰਬੂਜੀਆ ਮੱਛੀਆਂ ਛੱਡ ਦਿੱਤੀਆਂ ਜਾਣ। ਇਸ ਤੋਂ ਇਲਾਵਾ ਰਾਤ ਨੂੰ ਸੌਣ ਸਮੇਂ ਕੱਪੜੇ ਅਜਿਹੇ ਪਹਿਨਣੇ ਚਾਹੀਦੇ ਹਨ ਜਿਨ ਨਾਲ ਪੂਰਾ ਸਰੀਰ ਢੱਕਿਆ ਜਾ ਸਕੇ ਅਤੇ ਰਾਤ ਨੂੰ ਸੌਣ ਸਮੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕੀਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਡੇਂਗੂ ਦਾ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਇਸ ਦੇ ਲੱਛਣ ਜਿਵੇ ਠੰਡ ਅਤੇ ਕਾਂਬੇ ਨਾਲ ਬੁਖਾਰ ਹੋਣਾ, ਤੇਜ ਬੁਖਾਰ ਅਤੇ ਸਿਰ ਦਰਦ ਹੋਣਾ, ਬੁਖਾਰ ਦੇ ਨਾਲ ਨਾਲ ਥਕਾਵਟ ਅਤੇ ਕਮਜੋਰੀ ਹੋਣਾ ਅਤੇ ਸਰੀਰ ਨੂੰ ਪਸੀਨਾ ਆਉਣਾ, ਜੋੜਾ ਦਾ ਦਰਦ, ਮਸਲ ਦਰਦ, ਨੱਕ ਅਤੇ ਅੱਖਾਂ ਦੇ ਪਿੱਛੇ ਦਰਦ ਆਦਿ। ਇਸ ਤੋਂ ਇਲਾਵਾ ਸਿਹਤ ਸੁਪਰਵਾਈਜਰ ਸ੍ਰੀ ਕੁਲਦੀਪ ਸਿੰਘ ਨੇ ਲੋਕਾ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵਿਅਕਤੀ ਨੂੰ ਅਜਿਹੇ ਲੱਛਣ ਸਮੇਤ ਬੁਖਾਰ ਆਉਂਦਾ ਹੈ ਤਾਂ ਤੁਰੰਤ ਆਪਣੇ ਲੋੜੀਦੇ ਟੇਸਟ ਨੇੜੇ ਦੀ ਸਿਹਤ ਸੰਸਥਾ ਤੋਂ ਕਰਵਾ ਸਕਦਾ ਹੈ ਜੋ ਕਿ ਵਿਭਾਗ ਵਲੋਂ ਬਿਲਕੁੱਲ ਮੁਫਤ ਕੀਤਾ ਜਾਂਦਾ ਹੈ ਅਤੇ ਜੇਕਰ ਡੇਂਗੂ ਪੋਜੇਟਿਵ ਆਉਂਦਾ ਹੈ ਤਾਂ ਇਸਦਾ ਪੂਰਾ ਇਲਾਜ ਵੀ ਬਿਲਕੁਲ ਮੁਫਤ ਕੀਤਾ ਜਾਂਦਾ ਹੈ।

**ਸਿਹਤ ਟੀਮਾਂ ਵੱਲੋ ਘਰ-ਘਰ ਜਾ ਕਿ ਲੋਕਾਂ ਨੂੰ ਡੇਂਗੂ ਦੀ ਰੋਕਥਾਮ ਸਬੰਧੀ ਜਾਗਰੂਕ ਕੀਤਾ ਜਾ ਰਿਹਾ : ਡਾ. ਰਵੀ ਕਾਂਤ ਐਸ.ਐਮ.ਓ.**

## ਸਿਹਤ ਵਿਭਾਗ ਵਿੱਚ ਕਿਉਂ ਚੱਲ ਰਿਹਾ ਹੈ ਵਿਤਕਰਾ ?

# ਕਿਸੇ ਨੂੰ 65 ਸਾਲ ਉਮਰ ਤੇ ਰਿਟਾਇਰਮੈਂਟ ਤੇ ਕਿਸੇ ਨੂੰ 58 ਸਾਲ ਉਮਰ ਪੂਰੀ ਹੋਣ ਤੇ ਰਿਟਾਇਰ ਕਰ ਰਿਹਾ ਹੈ ਸਿਹਤ ਵਿਭਾਗ - ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ

**ਚੌਕ ਮਹਿਤਾ, 27 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਮੈਡੀਕਲ ਖ਼ੋਜ ਅਤੇ ਸਿੱਖਿਆ ਵੀ ਸਿਹਤ ਵਿਭਾਗ ਅਧੀਨ ਹੀ ਹੈ, ਉਥੇ ਸਰਵਿਸ ਕਰਦੇ ਮੈਡੀਕਲ ਪੈਰਾ ਮੈਡੀਕਲ ਸਟਾਫ਼ ਦੀ ਸੇਵਾ ਮੁਕਤੀ 65 ਸਾਲ ਉਮਰ ਤੇ ਹੁੰਦੀ ਹੈ ਜੇਕਰ ਉਹੀ ਡਾਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਅਧੀਨ ਸੇਵਾਵਾਂ ਦੇ ਰਿਹਾ ਹੈ ਤਾਂ ਉਸਨੂੰ 58 ਸਾਲਾਂ ਉਮਰ ਤੇ ਰਿਟਾਇਰ ਕਰ ਦਿੱਤਾ ਜਾਂਦਾ ਹੈ। ਮੈਡੀਕਲ ਖ਼ੋਜ ਤੇ ਸਿੱਖਿਆ ਅਧੀਨ ਸਰਵਿਸ ਕਰਨ ਤੇ ਸੱਤ ਸਾਲਾਂ ਦੀ ਵੱਧ ਸਰਵਿਸ ਮਿਲਦੀ ਹੈ। ਇੱਕ ਪੰਜਾਬ, ਇੱਕੋ ਸਰਕਾਰ, ਇੱਕ ਹੀ ਮੰਤਰੀ, ਇੱਕ ਹੀ ਸਕੱਤਰ, ਇਕੱਠੇ ਪੜੇ ਡਾਕਟਰ ਤੇ ਸਰਵਿਸ ਤੋਂ ਰਿਟਾਇਰਮੈਂਟ ਵਿੱਚ ਇੱਕ ਨਹੀਂ, ਦੋ ਨਹੀਂ ਇਕੱਠਾ ਸੱਤ ਸਾਲ ਦਾ ਫ਼ਰਕ, ਇਹ ਦੋਹਰਾ ਮਾਪ-ਦੰਡ ਕਿਉਂ ? ਇਸ ਫ਼ਰਕ ਨੂੰ ਖ਼ਤਮ ਕਰਨ ਲਈ ਅਤੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਧੀਨ ਵਿੱਚ ਸਰਵਿਸ ਕਰਦੇ ਮੁਲਾਜ਼ਮਾਂ ਦੀ ਰਿਟਾਇਰਮੈਂਟ ਉਮਰ ਵੀ 65 ਸਾਲ ਕਰਨ ਲਈ ਇੰਪਲਾਈਜ ਵੈਲਫ਼ੇਅਰ ਐਸੋਸੀਏਸ਼ਨ ਪੰਜਾਬ (ਸਿਹਤ ਵਿਭਾਗ) ਦੇ ਸੂਬਾ ਪ੍ਰਧਾਨ ਆਚਾਰੀਆ ਗੁਰੂ ਮੀਤ ਅਤੇ ਪੀ ਸੀ ਐਮ ਐਸ ਡਾਕਟਰਾਂ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਰਵੀ ਤੇਜਪਾਲ, ਸਿਵਲ ਹਸਪਤਾਲ ਅੰਮ੍ਰਿਤਸਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਇਸ ਤੇ ਇੰਪਲਾਈਜ ਵੈਲਫ਼ੇਅਰ ਐਸੋਸੀਏਸ਼ਨ ਆਫ਼ ਪੰਜਾਬ ਸਿਹਤ ਵਿਭਾਗ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾਂ ਨੇ ਟਿੱਪਣੀ ਕਰਦਿਆਂ ਕਿਹਾ ਕਿ, ਇੱਕ ਡਾਕਟਰ ਜੋ ਕਿ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿੱਚ ਸਰਵਿਸ ਕਰਦਾ ਹੈ, ਦੂਰ ਦੁਰਾਡੇ ਪਿੰਡਾਂ ਵਿੱਚ, ਬਾਰਡਰ ਏਰੀਏ ਵਿੱਚ ਜਾ ਕੇ, ਗਰਮੀਆਂ, ਸਰਦੀਆਂ- ਧੁੰਦਾਂ ਵਿੱਚ ਜਾ ਕੇ ਪੰਜਾਬ ਦੀ ਜਨਤਾ ਨੂੰ ਸਿਹਤ ਸਹੂਲਤਾਂ ਦੇਂਦਾ ਹੈ, ਉਸਨੂੰ ਪੰਜਾਬ ਸਰਕਾਰ 58 ਸਾਲਾਂ ਉਮਰ ਹੋਣ ਤੇ ਸਰਵਿਸ ਤੋਂ ਰਿਟਾਇਰ ਕਰ ਦੇਂਦੀ ਹੈ ਅਤੇ ਇੱਕ ਡਾਕਟਰ ਜੋ ਕਿ ਸ਼ਹਿਰ ਵਿੱਚ, ਮੈਡੀਕਲ ਖ਼ੋਜ ਤੇ ਸਿੱਖਿਆ ਅਧੀਨ ਸਰਵਿਸ ਕਰਦਾ ਹੈ, ਉਸਨੂੰ ਉਹੀ ਪੰਜਾਬ ਸਰਕਾਰ 65 ਸਾਲ ਦੀ ਉਮਰ ਪੂਰੀ ਹੋਣ ਤੇ ਸਰਵਿਸ ਤੋਂ ਰਿਟਾਇਰ ਕਰਦੀ ਹੈ, ਇਹ ਦੋਹਰੀ ਨੀਤੀ ਕਿਉਂ ? ਕੀ ਮੈਡੀਕਲ ਖ਼ੋਜ ਤੇ ਸਿੱਖਿਆ ਅਧੀਨ ਉਸ ਡਾਕਟਰ ਨੂੰ ਸੁਰਖ਼ਾਬ ਦੇ ਖੰਭ ਲੱਗ ਜਾਂਦੇ ਹਨ ? ਜਾਂ ਫਿਰ ਉਹ ਡਾਕਟਰ 65 ਸਾਲ ਉਮਰ ਤੱਕ ਪਿੰਡਾਂ ਵਿੱਚ ਬਾਰਡਰ ਏਰੀਏ ਵਿੱਚ ਹੀ ਸਰਵਿਸ ਕਰਦੇ ਹਨ।

ਪੰਜਾਬ ਦੀ ਜਨਤਾ ਨੂੰ ਰੂਰਲ ਏਰੀਏ ਵਿੱਚ, ਦੂਰ ਦੁਰਾਡੇ ਪਿੰਡਾਂ ਵਿੱਚ ਬਾਰਡਰ ਏਰੀਏ ਵਿੱਚ ਜਾਨ ਹਥੇਲੀ ਤੇ ਰੱਖ ਕੇ ਵਧੀਆ ਸਿਹਤ ਸਹੂਲਤਾਂ ਦੇਣ ਵਾਲੇ ਡਾਕਟਰਾਂ ਤੇ ਸਟਾਫ ਨੂੰ 58 ਸਾਲ ਦੀ ਉਮਰ ਵਿੱਚ ਰਿਟਾਇਰ ਕਰ ਕੇ ਘਰ ਤੋਰ ਦਿੱਤਾ ਜਾਂਦਾ ਹੈ ਤੇ ਜੇਕਰ ਉਹੀ ਡਾਕਟਰ, ਸਟਾਫ ਸ਼ਹਿਰ ਵਿੱਚ ਮੈਡੀਕਲ ਖ਼ੋਜ ਤੇ ਸਿੱਖਿਆ ਅਧੀਨ ਸਰਵਿਸ ਕਰ ਰਿਹਾ ਹੈ ਤਾਂ ਉਸਨੂੰ 65 ਸਾਲ ਦੀ ਉਮਰ ਤੱਕ ਪੰਜਾਬ ਸਰਕਾਰ ਛਾਤੀ ਨਾਲ ਲਗਾਈ ਰੱਖਦੀ ਹੈ, ਇਹ ਤਾਂ ਉਹੀ ਗੱਲ ਹੋਈ ਕਿ, ਸੁਰਖ਼ੀ ਬਿੰਦੀ ਨੂੰ ਬਾਂਦਰੀ ਤੇ ਡੰਡੇ ਡਾਂਗਾਂ ਖਾਣ ਨੂੰ ਰਿੱਛ। ਪੰਜਾਬ ਸਰਕਾਰ, ਸਿਹਤ ਵਿਭਾਗ ਦਾ ਮੰਤਰੀ ਇੱਕ, ਸਕੱਤਰ ਇੱਕ ਲੇਕਿਨ ਨੀਤੀਆਂ ਦੋ, ਇਹ ਵਿੱਤਕਰਾ ਕਿਉਂ ? ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਧੀਨ ਸਰਵਿਸ ਕਰਨ ਸਾਰੇ ਮੁਲਾਜ਼ਮਾਂ ਦੀ ਰਿਟਾਇਰਮੈਂਟ ਵੀ 65 ਸਾਲ ਉਮਰ ਪੂਰੀ ਕਰਨ ਤੇ ਹੋਣੀ ਚਾਹੀਦੀ ਹੈ। ਪੰਜਾਬ ਸਰਕਾਰ ਨੂੰ ਇਹ ਵਿਤਕਰਾ ਨਹੀਂ ਕਰਨਾ ਚਾਹੀਦਾ ਹੈ। ਪੀ ਸੀ ਐਮ ਐਸ ਡਾਕਟਰਾਂ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਡਾਕਟਰ ਰਵੀ ਤੇਜਪਾਲ, ਸਿਵਲ ਹਸਪਤਾਲ ਅੰਮ੍ਰਿਤਸਰ ਨੇ ਦੱਸਿਆ ਕਿ, ਪੰਜਾਬ ਸਰਕਾਰ ਦੇ ਇਸ ਦੋਹਰੇ ਮਾਪਦੰਡ, ਦੋਹਰੀਆਂ ਨੀਤੀਆਂ ਦੇ ਕਾਰਨ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਧੀਨ ਸਰਵਿਸ ਕਰ ਰਹੇ ਡਾਕਟਰਾਂ ਵਿੱਚ ਬਹੁਤ ਰੋਸ ਪਾਇਆ ਜਾ ਰਿਹਾ ਹੈ। ਵਿਭਾਗ ਵਿੱਚ ਨੌਕਰੀ ਕਰ ਰਹੇ ਡਾਕਟਰ ਮਹਿਸੂਸ ਕਰਦੇ ਹਨ ਕਿ, ਸਾਡੇ ਵਿੱਚ ਐਸੀ ਕਿਹੜੀ ਕਮੀ ਹੈ ਕਿ ਸਾਨੂੰ 58 ਸਾਲ ਦੀ ਉਮਰ ਪੂਰੀ ਹੋਣ ਤੇ ਸੇਵਾ ਮੁਕਤ ਕਰ ਦਿੱਤਾ ਜਾਂਦਾ ਹੈ ਜਦਕਿ ਸਾਡੇ ਨਾਲ ਹੀ ਪੜ੍ਹਿਆ ਡਾਕਟਰ ਜੇਕਰ ਮੈਡੀਕਲ ਖੋਜ ਦੇ ਸਿੱਖਿਆ ਵਿਭਾਗ ਅਧੀਨ ਸਰਵਿਸ ਕਰਦਾ ਹੈ ਤਾਂ ਉਸ ਨੂੰ 65 ਸਾਲ ਦੀ ਉਮਰ ਪੂਰੀ ਹੋਣ ਤੇ ਸਰਵਿਸ ਤੋਂ ਰਿਟਾਇਰ ਕੀਤਾ ਜਾਂਦਾ ਹੈ । ਪੰਜਾਬ ਸਰਕਾਰ ਨੂੰ ਇਹ ਵਿਤਕਰਾ ਨਹੀਂ ਕਰਨਾ ਚਾਹੀਦਾ ਹੈ। ਇਸ ਨਾਲ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਧੀਨ ਕੰਮ ਕਰ ਰਹੇ ਡਾਕਟਰਾਂ ਵਿੱਚ ਬਹੁਤ ਹੀ ਰੋਸ ਹੈ। ਪੰਜਾਬ ਸਰਕਾਰ ਇਸ ਦੋਹਰੀ ਨੀਤੀ ਦੇ ਨਾਲ ਡਾਕਟਰਾਂ ਦੇ ਹੌਸਲੇ ਨੂੰ ਬਹੁਤ ਬੁਰੀ ਤਰ੍ਹਾਂ ਤੋੜ ਰਹੀ ਹੈ। ਸਾਡੇ ਡਾਕਟਰ ਪੰਜਾਬ ਦੀ ਜਨਤਾ ਨੂੰ ਸਿਹਤ ਸਹੂਲਤਾਂ ਦੇਣ ਲਈ ਬਹੁਤ ਦੂਰ ਦੁਰਾਡੇ ਪਿੰਡਾਂ ਤੱਕ ਜਾਂਦੇ ਹਨ , ਲੇਕਿਨ ਫਿਰ ਵੀ ਉਹਨਾਂ ਨੂੰ 58 ਸਾਲ ਉਮਰ ਪੂਰੀ ਹੋਣ ਤੇ ਸੇਵਾ ਮੁਕਤ ਕਰ ਦਿੱਤਾ ਜਾਂਦਾ ਹੈ। ਪੰਜਾਬ ਸਰਕਾਰ ਤੋਂ ਮੰਗ ਕੀਤੀ ਜਾਂਦੀ ਹੈ ਕਿ, ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿੱਚ ਕੰਮ ਕਰਨ ਵਾਲੇ ਹਰੇਕ ਵਰਗ ਦੀ ਸੇਵਾ ਮੁਕਤੀ ਦੀ ਉਮਰ 65 ਸਾਲ ਕੀਤੀ ਜਾਵੇ ਤਾਂ ਜੋ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਕਿਸੇ ਹੀਨ ਭਾਵਨਾ ਦਾ ਸ਼ਿਕਾਰ ਨਾ ਹੋਵੇ।



**☛ ਜਦੋਂ ਸਿਹਤ ਵਿਭਾਗ ਦਾ ਮੰਤਰੀ ਇੱਕ ਹੈ, ਸਕੱਤਰ ਇੱਕ ਹੈ ਤਾਂ ਸਿਹਤ ਵਿਭਾਗ ਵਿੱਚ ਦੋਹਰੇ ਮਾਪਦੰਡ, ਦੋਹਰੀਆਂ ਨੀਤੀਆਂ ਕਿਉਂ ਚੱਲ ਰਹੀਆਂ ਹਨ ? - ਸਟੇਟ ਪ੍ਰਧਾਨ ਆਚਾਰੀਆ ਗੁਰੂ ਮੀਤ ☛ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਧੀਨ ਡਾਕਟਰਾਂ ਦਾ ਮਾਨਸਿਕ ਸ਼ੋਸ਼ਣ ਕਰ ਰਹੀ ਹੈ ਪੰਜਾਬ ਸਰਕਾਰ - ਜ਼ਿਲ੍ਹਾ ਪ੍ਰਧਾਨ ਡਾਕਟਰ ਰਵੀ ਤੇਜਪਾਲ, ਮੈਡੀਕਲ ਅਫ਼ਸਰ**

# ਸਤਾਬਦੀ ਨੂੰ ਸਮਰਪਿਤ ਲਗਾਏ ਗਏ ਜੰਗਲ ਚ 4 ਹਜਾਰ ਰੁੱਖਾਂ ਨੂੰ ਸਾੜੇ ਜਾਣ ਤੇ ਡੀਸੀ ਅੰਮ੍ਰਿਤਸਰ ਨਾਲ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਕੀਤੀ ਮੁਲਾਕਾਤ


## 10 ਹਜਾਰ ਰੁੱਖ ਲਗਾ ਕੇ ਤਿੰਨ ਮਹੀਨਿਆਂ ਵਿੱਚ ਜੰਗਲ ਨੂੰ ਹਰਿਆ ਭਰਿਆ ਕਰਕੇ ਪ੍ਰਸ਼ਾਸਨ ਦੇ ਹਵਾਲੇ ਕੀਤਾ ਜਾਵੇਗਾ-ਸੋਨੂੰ



**ਜੰਡਿਆਲਾ ਗੁਰੂ, 27 ਜੂਨ ( ਕੁਲਵੰਤ ਸਿੰਘ ਵਿਰਦੀ )-**ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਾਤਾਵਰਨ ਨੂੰ ਹਰਿਆ ਭਰਿਆ ਰੱਖਣ ਦੇ ਲਈ ਅੰਮ੍ਰਿਤਸਰ ਪਠਾਨਕੋਟ ਹਾਈਵੇ ਤੇ ਵੇਰਕਾ ਨੇੜੇ ਬਾਈਪਾਸ ਦੇ 4000 ਰੁੱਖ ਲਗਾ ਕੇ ਇਕ ਜੰਗਲ ਲਗਾਇਆ ਗਿਆ ਸੀ ਜਿਸ ਨੂੰ ਕਿਸੇ ਸ਼ਰਾਰਤੀ ਅਨਸਰ ਵੱਲੋਂ 3 ਜੂਨ ਨੂੰ ਅੱਗ ਲਗਾ ਦਿੱਤੀ ਗਈ ਤੇ ਹਰਿਆ ਭਰਿਆ ਰੁੱਖਾਂ ਨੂੰ ਸਾੜ ਦਿੱਤਾ ਗਿਆ ਇਹ ਸਭ ਦੇਖ ਕੇ ਵਾਤਾਵਰਨ ਪ੍ਰੇਮੀਆਂ ਨੂੰ ਬਹੁਤ ਦੁੱਖ ਲੱਗਾ ਤੇ ਅੱਜ ਅੰਮ੍ਰਿਤਸਰ ਦੇ ਡੀਸੀ ਮੈਡਮ ਸਾਕਸ਼ੀ ਸਾਹਨੀ ਦੇ ਨਾਲ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਕੀਤੀ ਮੁਲਾਕਾਤ ਤੇ ਅੱਗ ਲਾਉਣ ਵਾਲੇ ਸ਼ਰਾਰਤੀ ਅਨਸਰਾਂ ਦੇ ਖਿਲਾਫ ਕਾਰਵਾਈ ਦੀ ਕੀਤੀ ਮੰਗ ਤੇ ਉਸ ਮੌਕੇ ਤੇ ਸੋਨੂ ਜੰਡਿਆਲਾ ਨੇ ਡੀਸੀ ਮੈਡਮ ਨੂੰ ਲਿਖਤੀ ਇੱਕ ਚਿੱਠੀ ਦਿੱਤੀ ਤੇ ਉਹਨਾਂ ਨੇ ਕਿਹਾ ਕਿ ਸਾਡਾ ਖੇਤੀਬਾੜੀ ਤੇ ਜੰਗਲਾਤ ਵਿਭਾਗ ਸਹਿਯੋਗ ਕਰਨ ਅਸੀਂ ਤਿੰਨ ਮਹੀਨਿਆਂ ਦੇ ਅੰਦਰ ਇਸ ਜਗਹਾ ਤੇ 10 ਹਜਾਰ ਰੁੱਖ ਲਗਾ ਕੇ ਇਸ ਜੰਗਲ ਨੂੰ ਹਰਿਆ ਭਰਿਆ ਕਰ ਦੇਵਾਂਗੇ ਗੱਲਬਾਤ ਕਰਦੇ ਹੋਏ ਸੋਨੂ ਜੰਡਿਆਲਾ ਨੇ ਜਾਣਕਾਰੀ ਦਿੱਤੀ ਕਿ ਅੰਮ੍ਰਿਤਸਰ ਪਠਾਨਕੋਟ ਹਾਈਵੇ ਤੇ ਨੇੜੇ ਵੇਰਕਾ ਬਾਈਪਾਸ ਤੇ ਆਲੇ ਦੁਆਲੇ ਚਾਰੋਂ ਜਗ੍ਹਾ ਤੇ ਅਸੀਂ 10 ਹਜਾਰ ਦੇ ਕਰੀਬ ਰੁੱਖ ਲਗਾ ਦਵਾਂਗੇ ਤੇ ਤਿੰਨ ਮਹੀਨਿਆਂ ਦੇ ਅੰਦਰ ਇਸ ਜਗਹਾ ਤੇ ਜੰਗਲ ਤਿਆਰ ਕਰਕੇ ਪ੍ਰਸ਼ਾਸਨ ਦੇ ਹਵਾਲੇ ਕਰਾਂਗੇ ਤੇ ਇਸ ਜਗਹਾ ਤੇ ਵਾਤਾਵਰਨ ਦਿਵਸ ਵੀ ਮਨਾਵਾਂਗੇ ਉਹਨਾਂ ਦੱਸਿਆ ਕਿ ਇਸ ਜਗਹਾ ਤੇ ਜੋ ਰੁੱਖ ਅਸੀਂ ਲਗਾਉਣ ਜਾ ਰਹੇ ਹਾਂ ਜਿਵੇਂ ਕਿ ਨਿਮ ਟਾਲੀ ਧਰੇਕ ਅੰਬ ਜਾਮ ਨੂੰ ਕਦਮ ਤੂਤ ਬੇੜਾ ਸੁਖਚੈਨ ਪਿੱਪਲ ਬੋੜ ਤੇ ਕੁਛ ਫਲਦਾਰ ਬੂਟੇ ਵੀ ਲਗਾਵਾਂਗੇ ਆਖਰ ਵਿੱਚ ਉਹਨਾਂ ਦੱਸਿਆ ਕਿ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਧਰਤੀ ਨੂੰ ਹਰਿਆ ਭਰਿਆ ਰੱਖਣ ਦੇ ਲਈ ਅਸੀਂ ਵੱਧ ਤੋਂ ਵੱਧ ਰੁੱਖ ਲਗਾਈਏ ਸਿਆਣੇ ਕਹਿੰਦੇ ਨੇ ਇੱਕ ਰੁੱਖ ਤੇ ਸੌ ਸੁੱਖ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਅਸੀਂ ਵੱਧ ਤੋਂ ਵੱਧ ਰੁੱਖ ਲਗਾਈਏ ! ਇਸ ਮੌਕੇ ਤੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂ ਜੰਡਿਆਲਾ ਨੂੰ ਅੰਮ੍ਰਿਤਸਰ ਦੇ ਡੀਸੀ ਮੈਡਮ ਸ੍ਰੀ ਸਾਕਸ਼ੀ ਸਾਹਨੀ ਜੀ ਵੱਲੋਂ ਭਰੋਸਾ ਦਵਾਇਆ ਗਿਆ ਕਿ ਉਹ ਰੁੱਖ ਲਗਾਉਣ ਤੇ ਵਾਤਾਵਰਣ ਨੂੰ ਹਰਿਆ ਭਰਿਆ ਰੱਖਣ ਦੇ ਲਈ ਅੱਗੇ ਆਉਣ ਪ੍ਰਸ਼ਾਸਨ ਉਹਨਾਂ ਦੀ ਹਰ ਸੰਭਵ ਮਦਦ ਕਰੇਗਾ।

# ਸੱਚਖੰਡ ਵਾਸੀ ਸੰਤ ਬਾਬਾ ਰਾਮ ਸਿੰਘ ਕਾਲੇਕੇ ਵਾਲਿਆਂ ਦੀ 11 ਵੀਂ ਬਰਸੀ 7ਜੁਲਾਈ ਨੂੰ






**ਚੌਕ ਮਹਿਤਾ, 27 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )-**ਗੁਰਦੁਆਰਾ ਸ੍ਰੀ ਦਮਦਮਾ ਰੋੜੀ ਸਾਹਿਬ ਪਿੰਡ ਕਾਲੇਕੇ ਦੇ ਮੁੱਖੀ ਸੰਤ ਬਾਬਾ ਗੁਰਦਿਆਲ ਸਿੰਘ ਜੀ ਦੀ ਅਗਵਾਈ ਹੇਠ ਸੱਚਖੰਡ ਵਾਸੀ ਸੰਤ ਬਾਬਾ ਰਾਮ ਸਿੰਘ ਜੀ ਦੀ ਗਿਆਰੀ (11) ਬਰਸੀ 7ਜੁਲਾਈ 2025 ਦਿਨ ਸੋਮਵਾਰ ਬੜੀ ਸਰਧਾ ਭਾਵਨਾ ਨਾਲ ਇਲਾਕੇ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਹੈ। ਜਿਸ ਵਿੱਚ 1 ਜੁਲਾਈ 2025 ਦਿਨ ਮੰਗਲਵਾਰ ਨੂੰ ਪਵਿੱਤਰ ਪਾਵਨ ਸ੍ਰੀ ਆਖੰਡ ਪਾਠਾਂ ਦੀ ਲੜੀ ਆਰੰਭ ਹੋਵੇਗੀ। ਅਤੇ 11 ਜੁਲਾਈ 2025 ਦਿਨ ਸੋਮਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪੈਣਗੇ। ਉਪਰੰਤ ਸਾਰੀ ਦਿਹਾੜੀ ਸਿੱਖ ਪੰਥ ਦੇ ਮਹਾਨ ਰਾਗੀ ਕੀਰਤਨੀਏ ਜਥੇ, ਕਵੀਸਰ, ਢਾਡੀ, ਕਥਾਵਾਚਕ, ਗੁਰਮੱਤ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਤੇ ਸੰਤ, ਮਹਾਪੁਰਖ, ਨਿਹੰਗ ਸਿੰਘ, ਸਮਾਜ ਸੇਵੀ, ਰਾਜਨੀਤਕ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਬਹੁਤ ਗਿਣਤੀ ਵਿੱਚ ਸੰਗਤਾਂ ਹਾਜਰੀਆ ਭਰਨਗੀਆ। ਗੁਰੂ ਜੀ ਲੰਗਰ ਆਟੁਤ ਵਰਤਨਗੇ। ਸੰਤ ਬਾਬਾ ਗੁਰਦਿਆਲ ਸਿੰਘ ਜੀ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜਰੀਆ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ।

ਬੀਬੀ ਰਣਜੀਤ ਕੌਰ ਦੇ ਉਪਰਾਲੇ ਨਾਲ ਵਾਤਾਵਰਣ ਸੰਬੰਧੀ

# ‘ਬਲਿਹਾਰੀ ਕੁਦਰਤਿ ਵਸਿਆ’ ਦੀ ਬੱਚਿਆਂ ਵਲੋਂ ਅਲੌਕਿਕ ਪੇਸ਼ਕਾਰੀ



**ਨਵੀਂ ਦਿੱਲੀ, 27 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਸਕੂਲਾਂ ਅੰਦਰ ਗਰਮੀ ਦੀਆਂ ਛੁਟੀਆਂ ਹੋਣ ਕਰਕੇ ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖੀ ਨਾਲ ਜੋੜਨ ਲਈ ਇੰਨ੍ਹਾ ਦਿਨਾਂ ਵਿਚ ਵੱਡੇ ਉਪਰਾਲੇ ਕੀਤੇ ਜਾਂਦੇ ਹਨ ।ਇਸੇ ਤਰ੍ਹਾਂ ਦਾ ਇਕ ਨਿਵੇਕਲਾ ਉਪਰਾਲਾ ਦਿੱਲੀ ਕਮੇਟੀ ਦੇ ਮੈਂਬਰ ਬੀਬੀ ਰਣਜੀਤ ਕੌਰ ਨੇ ਗੁਰਦੁਆਰਾ ਸੰਤਗੜ੍ਹ ਵਿਖੇ ਕਰਕੇ ਸੰਗਤਾਂ ਦਾ ਮਨ ਮੋਹ ਲਿਆ ਸੀ ।ਉਨ੍ਹਾਂ ਵਲੋਂ ਬੱਚਿਆਂ ਤੇ ਮਾਵਾਂ ਨੂੰ ਪਹਿਲਾਂ ਉੜੇ ਨਾਲ ਜੁੜੇ ਨੂੰ ਸੰਭਾਲਣ ਲਈ ਮਾਵਾਂ ਕੋਲੋਂ ਬੱਚਿਆਂ ਨੂੰ ਜੁੜੇ ਕਰਵਾਉਣ ਦਾ ਮੁਕਾਬਲਾ ਕਰਵਾਇਆ ਉਪਰੰਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੰਤਗੜ੍ਹ ਵਿਖੇ ਗੁਰਮਤਿ ਕੈਂਪ ਰਾਹੀਂ, ਜਿਸ ਵਿੱਚ ਬੱਚਿਆਂ ਵੱਲੋਂ ਸ਼ਬਦ ਕੀਰਤਨ, ਕਵਿਤਾਵਾਂ ਅਤੇ ਵਾਤਾਵਰਣ ਸੰਬੰਧੀ ਬਹੁਤ ਸੁੰਦਰ ਨਾਟਕ “ ਬਲਿਹਾਰੀ ਕੁਦਰਤਿ ਵਸਿਆ ਤੇਰਾ ਅੰਤੁ ਨ ਜਾਈ ਲਖਿਆ “ ਦੀ ਪੇਸ਼ਕਾਰੀ ਕੀਤੀ ਗਈ ।ਇਸ ਨਾਟਕ ਰਾਹੀਂ ਬੱਚਿਆਂ ਵੱਲੋਂ ਇਹ ਸੁਨੇਹਾ ਦੇਣ ਦੀ ਕੋਸ਼ਿਸ਼ ਕੀਤੀ ਗਈ ਕਿ ਵੱਧ ਰਹੇ ਪਲੂਸ਼ਨ ਤੋਂ ਵਾਤਾਵਰਣ ਨੂੰ ਬਚਾਉਣਾ ਕਿਉਂ ਜ਼ਰੂਰੀ ਹੈ, ਵੱਧ ਤੋਂ ਵੱਧ ਰੁੱਖ ਕਿਉਂ ਲਗਾਉਣੇ ਚਾਹੀਦੇ ਹਨ ।ਬੱਚਿਆਂ ਨੇ ਕਵਿਤਾਵਾਂ, ਪੈਂਤੀ ਅੱਖਰੀ, ਕੀਰਤਨ ਅਤੇ ਨਾਟਕ ਰਾਹੀਂ ਸਮਾਂ ਬੰਨ ਦਿੱਤਾ ਸੀ ।ਇਸ ਮੌਕੇ ਉੜੇ ਅਤੇ ਜੁੜੇ ਪ੍ਰਤੀਯੋਗਿਤਾ ਵਿਚ ਜਿੱਤਣ ਵਾਲੀ ਬੀਬੀਆਂ ਦੇ ਨਾਲ ਬੱਚਿਆਂ ਨੂੰ ਇਨਾਮ ਅਤੇ ਸਨਮਾਨ ਪੱਤਰ ਦੇ ਕੇ ਉਤਸ਼ਾਹ ਵਧਾਇਆ ਗਿਆ ।ਇਸ ਮੌਕੇ ਇਲਾਕੇ ਦੀ ਸੰਗਤ ਵਲੋਂ ਬੀਬੀ ਜੀ ਅੱਗੇ ਇਸ ਤਰ੍ਹਾਂ ਦੇ ਪ੍ਰੋਗਰਾਮ ਵੱਧ ਤੋਂ ਵੱਧ ਕਰਵਾਏ ਜਾਣ ਦੀ ਵਾਰ ਵਾਰ ਮੰਗ ਕੀਤੀ ਜਾ ਰਹੀ ਸੀ ।ਅੰਤ ਵਿਚ ਇਸ ਸਮਾਗਮ ਵਿੱਚ ਹਾਜ਼ਰੀਆਂ ਭਰਨ ਲਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ, ਮੀਤ ਪ੍ਰਧਾਨ ਸ. ਆਤਮਾ ਸਿੰਘ ਲੁਬਾਣਾ, ਅੰਤ੍ਰਿੰਗ ਮੈਂਬਰ ਸ. ਰਮਿੰਦਰ ਸਿੰਘ ਸਵੀਟਾ ਦਾ ਸਿਰੋਪਾਓ ਨਾਲ ਅਤੇ ਆਪਣੇ ਇਲਾਕੇ ਦੀਆਂ ਸੰਗਤਾਂ ਅਤੇ ਪ੍ਰਬੰਧਕ ਕਮੇਟੀ ਦਾ ਪ੍ਰੋਗਰਾਮ ਕਰਵਾਉਣ ਲਈ ਦਿੱਤੇ ਗਏ ਸਹਿਯੋਗ ਦਾ ਧੰਨਵਾਦ ਕੀਤਾ।

ਨੌਜਵਾਨਾਂ ਨੂੰ ਦਿੱਤਾ ਨਸ਼ਾ ਮੁਕਤ ਜੀਵਨ ਦਾ ਸੰਦੇਸ਼

# ‘ਨਸ਼ਾ ਮੁਕਤੀ ਮੋਰਚਾ ਟੀਮ’ ਨਾਲ ਮੋਮਬੱਤੀ ਮਾਰਚ ਦਾ ਆਯੋਜਨ

- ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ’ਤੇ ਵਿਧਾਇਕ ਜਿੰਪਾ ਤੇ ਡਿਪਟੀ ਕਮਿਸ਼ਨਰ ਦੀ ਅਗਵਾਈ ’ਚ ਜਾਗਰੂਕਤਾ ਮਾਰਚ ਦਾ ਆਯੋਜਨ
- ਕਿਹਾ ਕਿ ਨਸ਼ੇ ਨਾਲ ਜੂਝ ਰਹੇ ਲੋਕਾਂ ਨੂੰ ਹਮਦਰਦੀ, ਮਾਰਗਦਰਸ਼ਨ ਅਤੇ ਪੁਨਰਵਾਸ ਦੀ ਜ਼ਰੂਰਤ ਹੈ ਅਤੇ ਇਸ ਲਈ ਪ੍ਰਸ਼ਾਸਨ ਹਰ ਸੰਭਵ ਸਹਿਯੋਗ ਲਈ ਤਿਆਰ ਹੈ




**ਹੁਸ਼ਿਆਰਪੁਰ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਤਰਰਾਸ਼ਟਰੀ ਨਸ਼ਾ ਰੋਕਥਾਮ ਦਿਵਸ ਮੌਕੇ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਵਿਚ ਇਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਦੀ ਅਗਵਾਈ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕੀਤੀ। ਇਸ ਪ੍ਰੋਗਰਾਮ ਦਾ ਆਯੋਜਨ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਕੀਤਾ ਗਿਆ ਜਿਸ ਵਿਚ ’ਨਸ਼ਾ ਮੁਕਤੀ ਮੋਰਚਾ ਟੀਮ’ ਦੀ ਮੋਹਰੀ ਭੂਮਿਕਾ ਰਹੀ। ਪ੍ਰੋਗਰਾਮ ਤਹਿਤ ਸ਼ਾਮ 7 ਵਜੇ ਤੋਂ ਸ਼ਹਿਰ ਦੇ ਘੰਟਾ ਘਰ ਚੌਕ ਤੋਂ ਮਹਾਰਿਸ਼ੀ ਵਾਲਮੀਕਿ ਚੌਕ (ਸਬਜ਼ੀ ਮੰਡੀ) ਤੱਕ ਇਕ ਮੋਮਬੱਤੀ ਜਾਗਰੂਕਤਾ ਮਾਰਚ ਕੱਢਿਆ ਗਿਆ। ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਸਮੂਹਿਕ ਸੰਕਲਪ ਲੈਣਾ ਸੀ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਨਸ਼ਾ ਸਮਾਜ ਦੇ ਵਿਕਾਸ ਵਿਚ ਸਭ ਤੋਂ ਵੱਡੀ ਰੁਕਾਵਟ ਹੈ ਅਤੇ ਇਸ ਨਾਲ ਨਜਿਠਣ ਲਈ ਕੇਵਲ ਕਾਨੂੰਨ ਹੀ ਨਹੀਂ, ਲੋਕਾਂ ਦੀ ਸ਼ਮੂਲੀਅਤ ਅਤੇ ਸਮਾਜਿਕ ਜਾਗਰੂਕਤਾ ਵੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਵਰਗ ਨੂੰ ਸਹੀ ਦਿਸ਼ਾ ਦੇਣਾ ਹੀ ਨਸ਼ਾ ਮੁਕਤੀ ਦੀ ਸਭ ਤੋਂ ਮਜ਼ਬੂਤ ਨੀਂਹ ਹੈ। ਉਨ੍ਹਾਂ ਦੱਸਿਆ ਕਿ ਰਾਜ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਸ਼ਾ ਤਸਕਰਾਂ ਖਿਲਾਫ਼ ਸਖਤ ਕਾਰਵਾਈ ਕਰ ਰਹੀ ਹੈ ਪਰੰਤੂ ਇਸ ਸਮਾਜਿਕ ਬੁਰਾਈ ਨੂੰ ਜੜ੍ਹ ਤੋਂ ਛੁਟਕਾਰਾ ਪਾਉਣ ਲਈ ਹਰ ਨਾਗਰਿਕ ਦਾ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਆਮ ਲੋਕਾਂ, ਖਾਸਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਤਰ੍ਹਾਂ ਦੇ ਜਾਗਰੂਕਤਾ ਅਭਿਆਨਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਨਸ਼ਾ ਮੁਕਤ ਪੰਜਾਬ ਦੇ ਨਿਰਮਾਣ ਵਿਚ ਆਪਣੀ ਮੋਹਰੀ ਭੂਮਿਕਾ ਨਿਭਾਉਣ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਸ ਪਹਿਲ ਦੀ ਸਰਾਹਨਾ ਕੀਤੀ ਅਤੇ ਕਿਹਾ ਕਿ ਇਹ ਆਯੋਜਨ ਨੌਜਵਾਨਾਂ ਅਤੇ ਸਮਾਜ ਨੂੰ ਜਾਗਰੂਕ ਕਰਨ ਦੀ ਦਿਸ਼ਾ ਵਿਚ ਇਕ ਪ੍ਰੇਰਣਦਾਇਕ ਕਦਮ ਹੈ। ਉਨ੍ਹਾਂ ਕਿਹਾ ਕਿ ਨਸ਼ੇ ਵਰਗੀ ਸਮਾਜਿਕ ਬੁਰਾਈ ਖਿਲਾਫ਼ ਸਿਰਫ਼ ਸਰਕਾਰੀ ਯਤਨ ਹੀ ਕਾਫ਼ੀ ਨਹੀਂ ਹਨ, ਜਦ ਤੱਕ ਸਮਾਜ ਦਾ ਹਰ ਵਰਗ ਇਸ ਵਿਚ ਮੋਹਰੀ ਭੂਮਿਕਾ ਨਾ ਨਿਭਾਵੇ। ਇਸ ਤਰ੍ਹਾਂ ਦੇ ਕੈਂਡਲ ਮਾਰਚ ਲੋਕਾਂ ਨੂੰ ਜਾਗਰੂਕ ਕਰਨ ਦਾ ਮਹੱਤਵਪੂਰਨ ਸਾਧਨ ਬਣਦੇ ਹਨ ਜੋ ਵਿਸ਼ੇਸ਼ ਤੌਰ ’ਤੇ ਨੌਜਵਾਨਾਂ ਨੂੰ ਇਸ ਗੰਭੀਰ ਸਮੱਸਿਆ ਪ੍ਰਤੀ ਸੁਚੇਤ ਕਰਦੇ ਹਨ ਅਤੇ ਉਨ੍ਹਾਂ ਨੂੰ ਇਕ ਸਕਰਾਤਮਕ ਦਿਸ਼ਾ ਪ੍ਰਦਾਨ ਕਰਦੇ ਹਨ। ਡਿਪਟੀ ਕਮਿਸ਼ਨਰ ਨੇ ‘ਨਸ਼ਾ ਮੁਕਤੀ ਮੋਰਚਾ ਟੀਮ’ ਅਤੇ ਆਯੋਜਨ ਨਾਲ ਜੁੜੇ ਸਾਰੇ ਸੰਗਠਨਾਂ ਦੀ ਸਰਾਹਨਾਂ ਕਰਦੇ ਹੋਏ ਕਿਹਾ ਕਿ ਨਸ਼ੇ ਨਾਲ ਜੂਝ ਰਹੇ ਲੋਕਾਂ ਨੂੰ ਹਮਦਰਦੀ, ਮਾਰਗਦਰਸ਼ਨ ਅਤੇ ਪੁਨਰਵਾਸ ਦੀ ਜ਼ਰੂਰਤ ਹੈ ਅਤੇ ਇਸ ਲਈ ਪ੍ਰਸ਼ਾਸਨ ਹਰ ਸੰਭਵ ਸਹਿਯੋਗ ਲਈ ਤਿਆਰ ਹੈ। ਇਸ ਮੌਕੇ ’ਨਸ਼ਾ ਮੁਕਤੀ ਮੋਰਚਾ ਟੀਮ’ ਦੇ ਜ਼ਿਲ੍ਹਾ ਕੋਆਰਡੀਨੇਟਰ ਸਤਵੰਤ ਸਿੰਘ ਸਿਆਣ ਅਤੇ ਕੰਚਨ ਦਿਓਲ ਵਿਸ਼ੇਸ਼ ਤੌਰ ’ਤੇ ਮੌਜੂਦ ਰਹੇ। ਦੋਵਾਂ ਨੇ ਨਸ਼ੇ ਦੀ ਸਮੱਸਿਆ ’ਤੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਮਾਜ ਦੇ ਹਰ ਵਰਗ ਨੂੰ ਇਸ ਲੜ੍ਹਾਈ ਵਿਚ ਅੱਗੇ ਆਉਣ ਦੀ ਅਪੀਲ ਕੀਤੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਰਣਜੀਤ ਚੌਧਰੀ, ਸਹਾਇਕ ਕਮਿਸ਼ਨਰ ਓਏਸ਼ੀ ਮੰਡਲ, ਹੁਸ਼ਿਆਰਪੁਰ ਸਹਿਕਾਰੀ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ, ਐਸ.ਪੀ ਮੇਜਰ ਸਿੰਘ, ਸੰਯੁਕਤ ਕਮਿਸ਼ਨਰ ਨਗਰ ਨਿਗਮ ਸੰਦੀਪ ਤਿਵਾੜੀ, ਕੌਂਸਲਰ ਬਲਵਿੰਦਰ ਬਿੰਦੀ, ਪ੍ਰਦੀਪ ਬਿੱਟੂ, ਵਿਜੇ ਅਗਰਵਾਲ, ਮੋਹਿਤ ਸੈਣੀ, ਵਰਿੰਦਰ ਦੱਤ ਵੈਦ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਬਿਕਰਮ ਸਿੰਘ ਮਜੀਠੀਆ ਖ਼ਿਲਾਫ਼ ਦਰਜ ਕੀਤਾ ਝੂਠਾ ਪਰਚਾ ਕੋਝੀ ਸਿਆਸਤ ਤੋਂ ਪ੍ਰੇਰਿਤ: ਲੱਖੀ ਗਿਲਜੀਆਂ



**ਹੁਸ਼ਿਆਰਪੁਰ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਤੋਂ ਮਹਾਰਾਜਾ ਜੱਸਾ ਸਿੰਘ ਚੌਂਕ ਤੱਕ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਦੀ ਅਗਵਾਈ ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ ਤੇ ਪੰਜਾਬ ਸਰਕਾਰ ਦਾ ਪੁਤਲਾ ਸਾੜਿਆ ਗਿਆ ਵੱਖ-ਵੱਖ ਅਕਾਲੀ ਆਗੂਆਂ ਵੱਲੋਂ ਸੰਬੋਧਨ ਕਰਦਿਆਂ ਆਖਿਆ ਗਿਆ ਕਿ ਸਰਦਾਰ ਬਿਕਰਮ ਸਿੰਘ ਮਜੀਠੀਆ ਬੇਬਾਕੀ ਨਾਲ ਪੰਜਾਬ ਸਰਕਾਰ ਦੀਆਂ ਕਰਤੂਤਾਂ ਨੂੰ ਜੱਗ ਜ਼ਾਹਿਰ ਕਰਦੇ ਹਨ ਸਰਕਾਰ ਦੇ ਕੈਬਨਿਟ ਮੰਤਰੀਆਂ ਦੀ ਕੋਈ ਨਾਂ ਕੋਈ ਵੀਡੀਓ ਵੀ ਥੋੜੇ ਥੋੜ੍ਹੇ ਸਮੇਂ ਬਾਅਦ ਜਾਰੀ ਕਰ ਦਿੰਦੇ ਸੀ ਇਹੋ ਕਾਰਨ ਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਪੂਰਾ ਜ਼ੋਰ ਲੱਗਾ ਹੋਇਆ ਸੀ ਮਜੀਠੀਆ ਸਾਹਿਬ ਨੂੰ ਕਿਸੇ ਨਾਂ ਕਿਸੇ ਪਰਚੇ ਚ ਜੇਲ੍ਹ ਡਕਿਆ ਜਾਵੇ। ਹਾਲਾਂਕਿ ਬਹੁਤੇ ਅਫ਼ਸਰਾਂ ਨੇ ਸਰਕਾਰ ਨੂੰ ਮਜੀਠੀਆ ਉਪਰ ਝੂਠੇ ਕੇਸ ਪਾਉਣ ਤੋਂ ਨਾਂਹ ਕਰ ਦਿੱਤੀ ਪਰ ਇੱਕ ਅਫ਼ਸਰ ਜਿਹੜਾ ਸਸਪੈਂਡ ਕੀਤਾ ਹੋਇਆ ਸੀ ਉਸ ਨੂੰ ਸ਼ਾਇਦ ਇਸੇ ਸ਼ਰਤ ਤਹਿਤ ਬਹਾਲ ਕੀਤਾ ਗਿਆ ਕਿ ਮਜੀਠੀਆ ਤੇ ਪਰਚਾ ਦਰਜ ਕਰ ਦਿੱਤਾ ਜਾਵੇ ਹੋਇਆ ਵੀ ਇਸੇ ਤਰ੍ਹਾਂ। ਆਮ ਆਦਮੀ ਪਾਰਟੀ ਦੀ ਸਰਕਾਰ ਅਕਾਲੀਆਂ ਦਾ ਇਤਿਹਾਸ ਪੜ ਲਵੇ ਇਹ ਝੂਠੇ ਕੇਸ ਸਾਨੂੰ ਡਰਾ ਨਹੀਂ ਸਕਦੇ। ਸ਼੍ਰੋਮਣੀ ਅਕਾਲੀ ਦਲ ਦਾ ਹਰ ਵਰਕਰ ਸਰਦਾਰ ਬਿਕਰਮ ਸਿੰਘ ਮਜੀਠੀਆ ਨਾਲ ਡਟ ਕੇ ਖੜ੍ਹੇਗਾ ਸਰਕਾਰ ਨੂੰ ਇੱਕ ਦਿਨ ਝੁੱਕਣਾ ਹੀ ਪਵੇਗਾ ਸ਼੍ਰੋਮਣੀ ਅਕਾਲੀ ਦਲ ਦਾ ਹਰ ਵਰਕਰ ਸਰਕਾਰੀ ਜਬਰ ਦਾ ਮੁਕਾਬਲਾ ਡਟ ਕੇ ਕਰੇਗਾ। ਇਸ ਮੌਕੇ ਜਿਲਾ ਜਥੇਦਾਰ ਲਖਵਿੰਦਰ ਸਿੰਘ ਲੱਖੀ, ਬਲਬੀਰ ਸਿੰਘ ਮਿਆਣੀ, ਜਤਿੰਦਰ ਸਿੰਘ ਲਾਲੀ ਬਾਜਵਾ, ਅਰਵਿੰਦਰ ਸਿੰਘ ਰਸੂਲਪੁਰ, ਦੇਸ ਰਾਜ ਧੁੱਗਾ, ਸੰਦੀਪ ਸਿੰਘ ਸੀਕਰੀ, ਪ੍ਰੇਮ ਸਿੰਘ ਪਿਪਲਾਂ ਵਾਲਾ, ਸੰਜੀਵ ਤਲਵਾਰ, ਈਸ਼ਰ ਸਿੰਘ ਮੰਝਪੁਰ, ਸਤਨਾਮ ਸਿੰਘ ਬੰਟੀ ਚੱਗਰਾ, ਸ ਇਕਬਾਲ ਸਿੰਘ ਜੌਹਲ, ਇਕਬਾਲ ਸਿੰਘ ਖੇੜਾ, ਨਿਰਮਲ ਸਿੰਘ ਭੀਲੋਵਾਲ, ਜਸਵੀਰ ਸਿੰਘ ਭੱਟੀ, ਪਰਮਦੀਪ ਸਿੰਘ ਪੰਡੋਰੀ, ਹਰਪ੍ਰੀਤ ਸਿੰਘ ਰਿੰਕੂ, ਬੇਦੀ ਜੋਗਾ ਸਿੰਘ ਇਬਰਾਹਿੰਪੁਰ, ਸੋਹਣ ਸਿੰਘ ਠੰਡਲ, ਪ੍ਰੇਮ ਸਿੰਘ ਪਿਪਲਾਂ ਵਾਲਾ, ਮਹਿੰਦਰ ਸਿੰਘ ਸਰੀਂਹਪੁਰ, ਇੰਦਰਵੀਰ ਸਿੰਘ ਕੰਗ, ਗੁਰਨਾਮ ਸਿੰਘ ਹਰਜੀ ਬਾਜਵਾ, ਪ੍ਰਿਥੀਪਾਲ ਸਿੰਘ ਦਾਤਾ, ਬਲਵੀਰ ਸਿੰਘ, ਕਵਿਆਲ ਕਰਨ ਧੁੱਗਾ, ਜਗਦੇਵ ਸਿੰਘ ਗੜੀ ਮਨਸਵਾਲ, ਰਾਣਾ ਰਣਵੀਰ ਸਿੰਘ, ਸੱਜਣ ਸਿੰਘ ਘੋਗਰਾ, ਜੋਗਿੰਦਰ ਸਿੰਘ ਢਡਰਾਂ, ਅਮਰਜੀਤ ਸਿੰਘ, ਗੁਰਜੀਤ ਸਿੰਘ ਨੀਲਾ ਨਲੋਆ, ਹਰਜਿੰਦਰ ਸਿੰਘ ਅਧਿਕਾਰਾ, ਸਤਵਿੰਦਰ ਸਿੰਘ ਬਾਲੀਆ, ਜਪਿੰਦਰ ਪਾਲ ਸਿੰਘ, ਰਵਿੰਦਰ ਪਾਲ ਮਿੰਟੂ, ਕੁਲਦੀਪ ਸਿੰਘ, ਬੱਬੂ ਬਜਵਾੜਾ, ਹਰਭਜਨ ਸਿੰਘ ਧਾਲੀਵਾਲ, ਭੁਪਿੰਦਰ ਸਿੰਘ, ਗੁਰਪਾਲ ਸਿੰਘ, ਚਰਨਜੀਤ ਸਿੰਘ ਰੂਬੀ, ਉਪਕਾਰ ਸਿੰਘ ਭਕਲਾ, ਹਰਜਿੰਦਰ ਸਿੰਘ ਅਧਿਕਾਰਾ, ਹਰਦੇਵ ਸਿੰਘ ਨੰਗਲੀਆ, ਐਡਵੋਕੇਟ ਸ਼ਮਸ਼ੇਰ ਸਿੰਘ ਭਾਰਤਵਾਜ, ਐਡਵੋਕੇਟ ਸੂਰਜ ਸਿੰਘ, ਪ੍ਰਿੰਸੀਪਲ ਹਰਜਿੰਦਰ ਸਿੰਘ, ਗੁਰਪਾਲ ਸਿੰਘ ਲਾਚੋਵਾਲ, ਜਸਵਿੰਦਰ ਸਿੰਘ ਬਿੱਟੂ ਮਕੇਰੀਆਂ, ਸਤਿੰਦਰ ਸਿੰਘ ਪੰਡੋਰੀ, ਗੁਰਜਿੰਦਰ ਸਿੰਘ ਚੱਕ, ਸਰਬਜੀਤ ਸਿੰਘ ਮੁਕੇਰੀਆਂ, ਹਰਪ੍ਰੀਤ ਸਿੰਘ, ਸੰਜੀਵ ਦੂਆ ਹਾਜ਼ਰ ਸਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਕਿਹਾ ਕਿ 2 ਜੁਲਾਈ ਨੂੰ ਸੈਂਕੜੇ ਵਰਕਰ ਮੋਹਾਲੀ ਮਜੀਠੀਆ ਦੇ ਹੱਕ ਵਿੱਚ ਖੜੇ ਹੋਣਗੇ। ਇਸ ਮੌਕੇ ਸੰਜੀਵ ਤਲਵਾੜ ਨੇ ਦੱਸਿਆ ਕਿ ਜਬਰ ਤੇ ਜਨ੍ਹਾ ਦੇ ਖਿਲਾਫ ਦੋ ਜੁਲਾਈ ਨੂੰ ਹੁਸ਼ਿਆਰਪੁਰ ਤੋਂ ਸੈਂਕੜੇ ਵਰਕਰ ਪੰਜਾਬ ਸਰਕਾਰ ਦੀ ਇੱਟ ਨਾਲ ਇੱਟ ਵਜਾਉਣ ਲਈ ਸਰਦਾਰ ਬਿਕਰਮ ਸਿੰਘ ਮਜੀਠੀਆ ਦੀ ਪੇਸ਼ੀ ਸਮੇਂ ਮੁਹਾਲੀ ਪਹੁੰਚਣਗੇ। ਉਹਨਾਂ ਨੇ ਕਿਹਾ ਜਿਹੜੀ ਚਿੰਗਾਰੀ ਹੁਣ ਪੰਜਾਬ ਵਿੱਚ ਸਰਕਾਰ ਨੇ ਲਗਾਈ ਹੈ ਇਸ ਨੂੰ ਭਾਂਬੜ ਬਣਦਿਆਂ ਦੇਰ ਨਹੀਂ ਲਗੇਗੀ।

# ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਨੇ ਪੁਰਹੀਰਾਂ ਵਿਖੇ ਲਗਾਇਆ ਜਾਗਰੂਕਤਾ ਕੈਂਪ

## ਮੇਅਰ ਸੁਰਿੰਦਰ ਕੁਮਾਰ ਨੇ ਵਿਸ਼ੇਸ਼ ਤੌਰ ’ਤੇ ਕੀਤੀ ਸ਼ਿਰਕਤ



**ਹੁਸ਼ਿਆਰਪੁਰ, 27 ਜੂਨ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ- ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਰਜਿੰਦਰ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅੱਜ ਪੁਰਹੀਰਾਂ ਵਿਖੇ ਇਕ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ। ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਨੇ ਇਸ ਕੈਂਪ ਵਿਚ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਉਨ੍ਹਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਮ ਲੋਕਾਂ ਨੂੰ ਕਾਨੂੰਨੀ ਸਹਾਇਤਾ ਬਾਰੇ ਜਾਗਰੂਕ ਕਰਨਾ ਅੱਜ ਸਮੇਂ ਦੀ ਮੁੱਖ ਲੋੜ ਹੈ। ਇਸ ਦੌਰਾਨ ਪੈਨਲ ਐਡਵੋਕੇਟ ਸ਼ਵੇਤਾ ਸ਼ਰਮਾ ਅਤੇ ਪੈਰਾਲੀਗਲ ਵਲੰਟੀਅਰ ਬਲਵੀਰ ਸਿੰਘ ਵੱਲੋਂ ਮੁਫ਼ਤ ਕਾਨੂੰਨੀ ਸਲਾਹ-ਮਸ਼ਵਰਾ, ਉਪ ਮੰਡਲ ਅਦਾਲਤਾਂ, ਜ਼ਿਲ੍ਹਾ ਅਦਾਲਤਾਂ, ਮਾਨਯੋਗ ਹਾਈਕੋਰਟ ਜਾਂ ਮਾਨਯੋਗ ਸੁਪਰੀਮ ਕੋਰਟ ਪੱਧਰ ‘ਤੇ ਦੀਵਾਨੀ, ਫ਼ੌਜਦਾਰੀ ਅਤੇ ਮਾਲ ਦੀਆਂ ਕਚਹਿਰੀਆਂ ਵਿਚ ਚਾਰਾਜੋਈ ਲਈ ਵਕੀਲ ਦੀਆਂ ਸੇਵਾਵਾਂ, ਕੋਰਟ ਫੀਸ, ਤਲਬਾਨਾ ਫੀਸ, ਗਵਾਹਾਂ ਦੇ ਖਰਚਿਆਂ, ਵਕੀਲ ਦੀ ਫੀਸ ਅਤੇ ਮੁਕੱਦਮੇ ਬਾਬਤ ਹੋਰ, ਫੁੱਟਕਲ ਖ਼ਰਚਿਆਂ ਦੀ ਸਰਕਾਰ ਵਲੋਂ ਅਦਾਇਗੀ, ਮੀਡੀਏਸ਼ਨ (ਵਿਚੋਲਗੀ) ਅਤੇ ਲੋਕ ਅਦਾਲਤਾਂ ਰਾਹੀਂ ਵਿਵਾਦਾ ਦਾ ਨਿਪਟਾਰਾ ਅਤੇ ਹਰੇਕ ਹਵਾਲਾਤੀ/ਮੁਜਰਿਮ ਨੂੰ ਰਿਮਾਂਡ ਦੌਰਾਨ ਵਕੀਲਾਂ ਦੀਆਂ ਮੁਫਤ ਸੇਵਾਵਾ ਆਦਿ ਦਿੱਤੇ ਜਾਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਹਰਪਾਲ ਸਿੰਘ ਪਾਲਾ, ਪੰਚਾਇਤ ਅਫਸਰ ਹਰਭਜਨ ਸਿੰਘ, ਡਾ. ਕ੍ਰਿਸ਼ਨ ਗੋਪਾਲ, ਰੋਸ਼ਨ ਲਾਲ, ਰਾਮ ਦਿਆਲ, ਬਲਵਿੰਦਰ ਰਾਜ ਵਿਰਦੀ, ਬਿੱਟੂ ਕੋਹਲੀ, ਪਰਮਜੀਤ ਕੋਹਲੀ, ਸੂਰਜ ਮੋਹਨ ਪਿੰਟੂ, ਰਾਜੂ ਬੇਦੀ, ਅਮਰਜੀਤ ਚੌਧਰੀ, ਸੁਰਜੀਤ ਯੂਨੀਅਨ ਬੈਂਕ, ਰਕੇਸ਼ ਭਾਟੀਆਂ, ਸ਼ਿੰਦਰਪਾਲ ਫਿੱਟਰ, ਨਰਿੰਦਰ ਨਿੰਦੀ ਐਡਵੋਕੇਟ, ਅਭਿਸ਼ੇਕ ਮੋਦਗਿੱਲ ਐਡਵੋਕੇਟ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243